ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਸੋਮਵਾਰ, 3 ਅਗਸਤ 2026 (ਨਾਨਕਸ਼ਾਹੀ ਸੰਮਤ : ੫੫੮, ੧੯ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਅਕਤੂਬਰ ਤੋਂ ਸ਼ੁਰੂ ਹੋਵੇਗਾ ਮੂਸੇਵਾਲਾ ਦਾ 'ਹੋਲੋਗ੍ਰਾਮ' ਟੂਰ

**ਚੰਡੀਗੜ੍ਹ, 2 ਅਗਸਤ (ਆਵਾਜ਼ਿ ਕੌਮ ਬਿਊਰੋ)**-ਮਰਹੂਮ ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਦੇ ਪ੍ਰਸ਼ੰਸਕਾਂ ਨੂੰ ਜਿਸ ਚੀਜ਼ ਦੀ ਬੇਸਬਰੀ ਨਾਲ ਉਡੀਕ ਸੀ, ਉਹ ਹੁਣ ਛੇਤੀ ਹੀ ਪੂਰੀ ਹੋਣ ਜਾ ਰਹੀ ਹੈ। ਜੀ ਹਾਂ, ਮੂਸੇਵਾਲਾ ਦੇ ਹੋਲੋਗ੍ਰਾਮ ਟੂਰ ਨੂੰ ਲੈ ਕੇ ਸ਼ਿਡਊਲ ਸਾਹਮਣੇ ਆਇਆ ਹੈ। ਗਾਇਕ ਦੇ ਪਿਤਾ ਬਲਕੌਰ ਸਿੰਘ ਨੂੰ ਟੂਰ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਅਕਤੂਬਰ ਤੋਂ ਸ਼ੁਰੂ ਹੋਵੇਗਾ। ਬਲਕੌਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਸ਼ੋਅ ਅਕਤੂਬਰ ਤੋਂ ਸ਼ੁਰੂ ਹੋਵੇਗਾ, ਜਿਸ ਦਾ ਪਹਿਲਾ ਸ਼ੋਅ ਕੈਨੇਡਾ ਦੇ ਟੋਰਾਂਟੋ ਵਿੱਚ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਫਿਲਹਾਲ ਟੂਰ ਦੌਰਾਨ 10 ਸ਼ੋਅ ਕੀਤੇ ਜਾਣ ਦੀ ਯੋਜਨਾ ਹੈ। ਬਲਕੌਰ ਸਿੰਘ ਦੇ ਅਨੁਸਾਰ, ਹੋਲੋਗ੍ਰਾਮ ਪ੍ਰਦਰਸ਼ਨ ਤੋਂ ਬਾਅਦ 2-4 ਮਿੰਟ ਦਾ ਇੱਕ ਵਿਸ਼ੇਸ਼ ਭਾਸ਼ਣ ਅਤੇ ਦਰਸ਼ਕਾਂ ਨਾਲ ਗੱਲਬਾਤ ਹੋਵੇਗੀ। ਉਨ੍ਹਾਂ ਕਿਹਾ ਕਿ ਉਹ ਖੁਦ ਪਹਿਲੇ ਸ਼ੋਅ ਵਿੱਚ ਮੌਜੂਦ ਰਹਿਣਗੇ। ਉਨ੍ਹਾਂ ਇਹ ਵੀ ਖੁਲਾਸਾ ਕੀਤਾ ਕਿ ਇਸ ਸਮਾਗਮ ਦੌਰਾਨ ਸਿੱਧੂ ਮੂਸੇਵਾਲਾ ਦਾ ਇੱਕ ਨਵਾਂ ਗੀਤ ਰਿਲੀਜ਼ ਕੀਤਾ ਜਾਵੇਗਾ। ਉਨ੍ਹਾਂ ਦੇ ਕਈ ਹੋਰ ਗੀਤਾਂ ਦੇ ਵੀਡੀਓ ਵੀ ਤਿਆਰ ਕੀਤੇ ਜਾ ਰਹੇ ਹਨ। ਆਪਣੇ ਪੁੱਤਰ ਦੀ ਮੌਤ ਤੋਂ ਬਾਅਦ ਦੀ ਜ਼ਿੰਦਗੀ ਬਾਰੇ ਗੱਲ ਕਰਦੇ ਹੋਏ ਬਲਕੌਰ ਸਿੰਘ ਨੇ ਕਿਹਾ ਕਿ ਉਨ੍ਹਾਂ ਦੇ ਘਰ ਹਰ ਰੋਜ਼ ਲਗਭਗ 1,000 ਤੋਂ 1,500 ਪ੍ਰਸ਼ੰਸਕ ਆਉਂਦੇ ਰਹਿੰਦੇ ਹਨ, ਐਤਵਾਰ ਨੂੰ ਹੋਰ ਵੀ ਜ਼ਿਆਦਾ ਭੀੜ ਹੁੰਦੀ ਹੈ। ਉਨ੍ਹਾਂ ਕਿਹਾ ਕਿ ਉਹ ਆਪਣਾ ਸਮਾਂ ਜਨਤਕ ਸਮਾਗਮਾਂ ਵਿੱਚ ਸ਼ਾਮਲ ਹੋਣ, ਆਪਣੀ ਸਿਹਤ ਦਾ ਧਿਆਨ ਰੱਖਣ, ਰਿਸ਼ਤੇਦਾਰਾਂ ਨੂੰ ਮਿਲਣ ਅਤੇ ਸਿੱਧੂ ਮੂਸੇਵਾਲਾ ਦੇ ਪ੍ਰਸ਼ੰਸਕਾਂ ਨੂੰ ਮਿਲਣ ਵਿੱਚ ਬਿਤਾਉਂਦੇ ਹਨ।

## ਬੀਜੇਪੀ ਆਗੂ ਅਸ਼ਵਨੀ ਸ਼ਰਮਾ ਦੇ

# ਘਰ ਬਾਹਰ ਹੋਇਆ ਧਮਾਕਾ, ਨਿਕਲਿਆ...

**ਪਠਾਨਕੋਟ, 2 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦਾ ਆਗੂ ਅਸ਼ਵਨੀ ਸ਼ਰਮਾ ਦੇ ਘਰ ਦੇ ਬਾਹਰ ਹੋਏ ਧਮਾਕਾ ਹੋਣ ਦੀ ਜਾਣਕਾਰੀ ਹਾਸਿਲ ਹੋਈ ਹੈ ਘਟਨਾ ਤੋਂ ਬਾਅਦ ਆਸ ਪਾਸ ਦੇ ਵਸਨੀਕ ਆਪਣੇ ਘਰਾਂ ਤੋਂ ਬਾਹਰ ਆ ਗਏ। ਸੂਚਨਾ ਮਿਲਣ 'ਤੇ ਪੁਲਿਸ ਅਤੇ ਸੁਰੱਖਿਆ ਏਜੰਸੀਆਂ ਮੌਕੇ 'ਤੇ ਪਹੁੰਚ ਗਈਆਂ। ਹਾਲਾਂਕਿ, ਮੁੱਢਲੀ ਜਾਂਚ ਵਿੱਚ ਕਿਸੇ ਗੰਭੀਰ ਨੁਕਸਾਨ ਦੇ ਕੋਈ ਸਬੂਤ ਸਾਹਮਣੇ ਨਹੀਂ ਆਏ ਹਨ। ਮਾਮਲੇ ਮਗਰੋਂ ਪੰਜਾਬ ਪੁਲਿਸ ਮੌਕੇ 'ਤੇ ਪਹੁੰਚੀ ਅਤੇ ਜਾਂਚ ਸ਼ੁਰੂ ਕਰ ਦਿੱਤੀ। ਹਾਲਾਂਕਿ, ਜਾਂਚ ਵਿੱਚ ਸਾਹਮਣੇ ਆਇਆ ਕਿ ਧਮਾਕਾ ਕਿਸੇ ਵਿਸਫੋਟਕ ਕਾਰਨ ਨਹੀਂ, ਸਗੋਂ ਪਟਾਕਿਆਂ ਦੀ ਆਵਾਜ਼ ਕਾਰਨ ਹੋਇਆ ਸੀ। ਪੁਲਿਸ ਨੇ ਕਾਰਵਾਈ ਕਰਦਿਆਂ ਪਟਾਕੇ ਚਲਾਉਣ ਵਾਲੇ ਵਿਅਕਤੀ ਨੂੰ ਹਿਰਾਸਤ ਵਿੱਚ ਲੈ ਲਿਆ ਹੈ ਅਤੇ ਜਾਂਚ ਜਾਰੀ ਹੈ। ਰਿਪੋਰਟਾਂ ਅਨੁਸਾਰ, ਅਸ਼ਵਨੀ ਸ਼ਰਮਾ ਸਵੇਰੇ 4:30 ਵਜੇ ਦੇ ਕਰੀਬ ਚੰਡੀਗੜ੍ਹ ਲਈ ਆਪਣੀ ਰਿਹਾਇਸ਼ ਤੋਂ ਨਿਕਲੇ ਸੀ। ਲਗਭਗ ਇੱਕ ਘੰਟੇ ਬਾਅਦ, ਸਵੇਰੇ 5:30 ਵਜੇ ਦੇ ਕਰੀਬ, ਉਨ੍ਹਾਂ ਦੇ ਘਰ ਤੋਂ ਲਗਭਗ 50 ਮੀਟਰ ਦੂਰ ਇੱਕ ਜ਼ੋਰਦਾਰ ਧਮਾਕੇ ਵਰਗੀ ਆਵਾਜ਼ ਸੁਣਾਈ ਦਿੱਤੀ। ਸੂਚਨਾ ਮਿਲਣ 'ਤੇ, ਪੁਲਿਸ, ਖੁਫੀਆ ਏਜੰਸੀਆਂ, ਫੋਰੈਂਸਿਕ ਟੀਮਾਂ ਅਤੇ ਡੌਗ ਸਕੁਐਡ ਮੌਕੇ 'ਤੇ ਪਹੁੰਚੇ। ਪੂਰੇ ਇਲਾਕੇ ਨੂੰ ਘੇਰ ਲਿਆ ਗਿਆ ਅਤੇ ਜਾਂਚ ਸ਼ੁਰੂ ਕਰ ਦਿੱਤੀ ਗਈ, ਅਤੇ ਨੇੜਲੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਦੀ ਜਾਂਚ ਕੀਤੀ ਗਈ। ਹਾਲਾਂਕਿ, ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਹ ਆਵਾਜ਼ ਧਮਾਕਾ ਨਹੀਂ ਸੀ, ਸਗੋਂ ਇੱਕ ਸਥਾਨਕ ਨੌਜਵਾਨ ਦੁਆਰਾ ਚਲਾਏ ਗਏ ਪਟਾਕੇ ਸੀ। ਅਸ਼ਵਨੀ ਸ਼ਰਮਾ ਦਾ ਘਰ ਨਿਊ ਬੈਂਕ ਕਲੋਨੀ ਵਿੱਚ ਸਥਿਤ ਹੈ। ਜਾਂਚ ਦੌਰਾਨ, ਪੁਲਿਸ ਨੂੰ ਸੀਸੀਟੀਵੀ ਫੁਟੇਜ ਵਿੱਚ ਇੱਕ ਸਥਾਨਕ ਨੌਜਵਾਨ ਦਿਖਾਈ ਦਿੱਤਾ। ਨੌਜਵਾਨ ਦੀ ਪਛਾਣ ਅਭਿਸ਼ੇਕ ਵਜੋਂ ਹੋਈ ਹੈ।



## 'ਆਪ' ਵਿਧਾਇਕ ਦੇ ਵਿਗੜੇ ਬੋਲ ! ਮੀਰੀ ਪੀਰੀ ਖਾਲਸਾ ਮਾਰਚ ਨੂੰ ਦੱਸਿਆ 'ਰੋਡ ਸ਼ੋਅ'

**ਚੰਡੀਗੜ੍ਹ, 2 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿੱਚ ਸਿੱਖਾਂ ਦੀਆਂ ਭਾਵਨਾਵਾਂ ਭੜਕਾਉਣ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਨੂੰ ਸਿਆਸੀ ਮੁੱਦਾ ਬਣਾਇਆ ਜਾ ਰਿਹਾ ਹੈ। ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠਲੀ ਸਰਕਾਰ ਜਿਥੇ ਆਪਣੇ ਢੰਗ ਨਾਲ ਬੇਅਦਬੀ ਵਿਰੋਧੀ ਕਾਨੂੰਨ ਨੂੰ ਲਾਗੂ ਕਰਵਾਉਣ ਲਈ ਤਤਪਰ ਹੈ, ਪਰ ਦੂਜੇ ਪਾਸੇ ਆਮ ਆਦਮੀ ਪਾਰਟੀ ਦੇ ਵਿਧਾਇਕ ਹੀ ਇਨ੍ਹਾਂ ਘਟਨਾਵਾਂ ਨੂੰ ਵਧਾ ਰਹੇ ਹਨ ਅਤੇ ਸਿੱਖਾਂ ਦੀਆਂ ਭਾਵਨਾਵਾਂ ਨਾਲ ਖਿਲਵਾੜ ਕਰ ਰਹੇ ਹਨ। ਤਾਜ਼ਾ ਮਾਮਲਾ ਬਾਘਾਪੁਰਾਣਾ ਤੋਂ 'ਆਪ' ਵਿਧਾਇਕ ਅੰਮ੍ਰਿਤਪਾਲ ਸਿੰਘ ਸੁੱਖਾਨੰਦ ਦਾ ਸਾਹਮਣੇ ਆਇਆ ਹੈ, ਜਿਨ੍ਹਾਂ ਨੇ ਮੀਰੀ ਪੀਰੀ ਦੇ ਸਿਧਾਂਤ 'ਤੇ ਕੱਢੇ ਜਾ ਰਹੇ ਖਾਲਸਾ ਮਾਰਚ ਨੂੰ ਇੱਕ 'ਰੋਡ ਸ਼ੋਅ' ਕਰਾਰ ਦਿੱਤਾ ਹੈ। 'ਆਪ' ਵਿਧਾਇਕ ਦੇ ਇਨ੍ਹਾਂ ਬੋਲਾਂ ਦਾ ਸ਼੍ਰੋਮਣੀ ਅਕਾਲੀ ਦਲ ਸਮੇਤ ਵੱਖ ਵੱਖ ਸਿੱਖ ਆਗੂਆਂ ਨੇ ਸਖਤ ਪ੍ਰਤੀਕਰਮ ਲਿਆ ਹੈ ਅਤੇ ਸਿੱਖ ਸੰਗਤ ਤੋਂ ਮੁਆਫ਼ੀ ਮੰਗਣ ਲਈ ਕਿਹਾ ਜਾ ਰਿਹਾ ਹੈ। ਦੱਸ ਦਈਏ ਕਿ ਮੀਰੀ ਪੀਰੀ ਖਾਲਸਾ ਮਾਰਚ 6ਵੀਂ ਪਾਤਸ਼ਾਹੀ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਮੀਰੀ ਪੀਰੀ ਸਿਧਾਂਤਾਂ ਤੋਂ ਲੋਕਾਈ ਨੂੰ ਜਾਗਰੂਕ ਕਰਨ ਅਤੇ ਸਿੱਖੀ ਦੇ ਪ੍ਰਚਾਰ ਲਈ ਕੀਤਾ ਗਿਆ ਹੈ। ਸ੍ਰੀ ਅਕਾਲ ਤਖਤ ਸਾਹਿਬ ਦੀ ਅਗਵਾਈ ਹੇਠ ਕੱਢਿਆ ਜਾ ਰਿਹਾ ਇਹ ਖਾਲਸਾ ਮਾਰਚ ਲਈ ਸਿੱਖ ਸੰਗਤਾਂ ਦਾ ਹੜ੍ਹ ਆਇਆ ਹੋਇਆ ਹੈ ਅਤੇ ਜਿਥੇ ਵੀ ਇਹ ਠਹਿਰਾਅ ਕਰਦਾ ਹੈ, ਸੰਗਤਾਂ ਵੱਲੋਂ ਵੱਧ ਚੜ੍ਹ ਕੇ ਆਸ਼ੀਰਵਾਦ ਪ੍ਰਾਪਤ ਕੀਤਾ ਜਾ ਰਿਹਾ ਹੈ। ਹਾਲਾਂਕਿ, ਦੂਜੇ ਪਾਸੇ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਨੂੰ ਸ਼ਾਇਦ ਇਹ ਹਜ਼ਮ ਨਹੀਂ ਆ ਰਿਹਾ ਹੈ, ਜਿਸ ਦੀ ਉਦਾਹਰਨ ਵਿਧਾਇਕ ਸੁੱਖਾਨੰਦ ਹਨ। ਉਨ੍ਹਾਂ ਦੀ ਇੱਕ ਵੀਡੀਓ ਵਾਇਰਲ ਹੋ ਰਹੀ ਹੈ।



## ਪੰਜਾਬ 'ਚ ਕਿਸਾਨਾਂ ਦਾ ਵੱਡਾ ਐਲਾਨ ; ਇਸ ਦਿਨ ਰੇਲਾਂ ਦਾ ਕੀਤਾ ਜਾਵੇਗਾ ਚੱਕਾ



**ਅੰਮ੍ਰਿਤਸਰ, 2 ਅਗਸਤ (ਆਵਾਜ਼ਿ ਕੌਮ ਬਿਊਰੋ)**-ਰਈਆ ਨੇੜਲੇ ਇੱਕ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਭਾਰਤੀ ਕਿਸਾਨ ਯੂਨੀਅਨ ਏਕਤਾ ਸੰਘਰਸ਼ ਦੀ ਸੂਬਾ ਪੱਧਰੀ ਮੀਟਿੰਗ ਸੂਬਾ ਪ੍ਰਧਾਨ ਪਲਵਿੰਦਰ ਸਿੰਘ ਮਾਹਲ ਦੀ ਅਗਵਾਈ ਹੇਠ ਹੋਈ। ਮੀਟਿੰਗ ਵਿੱਚ ਪੰਜਾਬ ਭਰ ਦੇ ਜ਼ਿਲ੍ਹਿਆਂ ਤੋਂ ਆਏ ਆਗੂਆਂ ਨੇ ਕਿਸਾਨਾਂ ਦੇ ਭਖਦੇ ਮਸਲਿਆਂ 'ਤੇ ਚਰਚਾ ਕਰਦਿਆਂ ਸਰਕਾਰ ਖ਼ਿਲਾਫ਼ ਤਿੱਖਾ ਰੋਸ ਪ੍ਰਗਟ ਕੀਤਾ। ਸੂਬਾ ਪ੍ਰਧਾਨ ਪਲਵਿੰਦਰ ਸਿੰਘ ਮਾਹਲ ਨੇ ਕਿਹਾ ਕਿ ਸਰਕਾਰ ਨੇ ਹੜ੍ਹ ਪੀੜਤ ਕਿਸਾਨਾਂ ਨਾਲ ਧੋਖਾ ਕੀਤਾ ਹੈ। ਅੰਮ੍ਰਿਤਸਰ, ਗੁਰਦਾਸਪੁਰ, ਤਰਨ ਤਾਰਨ, ਫ਼ਿਰੋਜ਼ਪੁਰ, ਕਪੂਰਥਲਾ ਸਮੇਤ ਕਈ ਜ਼ਿਲ੍ਹਿਆਂ ਦੇ ਹੜ੍ਹ ਪੀੜਤ ਕਿਸਾਨ ਅੱਜ ਵੀ ਮੁਆਵਜ਼ੇ ਲਈ ਦਫ਼ਤਰਾਂ ਦੇ ਚੱਕਰ ਕੱਟ ਰਹੇ ਹਨ, ਪਰ ਸਰਕਾਰ ਦੇ ਕੰਨਾਂ 'ਤੇ ਜੂੰ ਤੱਕ ਨਹੀਂ ਸਰਕੀ। ਕੱਚੀਆਂ-ਪੱਕੀਆਂ ਫ਼ਸਲਾਂ, ਪੈਲੀਆਂ ਅਤੇ ਹੋਰ ਨੁਕਸਾਨਾਂ ਦਾ ਮੁਆਵਜ਼ਾ ਅਜੇ ਤੱਕ ਜਾਰੀ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਜਥੇਬੰਦੀ ਨੇ ਡੀਸੀ ਦਫ਼ਤਰਾਂ ਅੱਗੇ ਧਰਨੇ, ਮਾਰਚ, ਮੰਗ ਪੱਤਰ ਅਤੇ ਹਰ ਲੋਕਤੰਤਰੀ ਤਰੀਕਾ ਅਪਣਾਇਆ, ਪਰ ਸਰਕਾਰ ਨੇ ਕਿਸਾਨਾਂ ਦੀ ਇੱਕ ਵੀ ਗੰਭੀਰਤਾ ਨਾਲ ਨਹੀਂ ਸੁਣੀ। ਇਸ ਲਈ 11 ਅਗਸਤ ਨੂੰ ਦੁਪਹਿਰ 12 ਵਜੇ ਮਾਨਾਂਵਾਲਾ ਰੇਲਵੇ ਸਟੇਸ਼ਨ 'ਤੇ ਰੇਲਾਂ ਦਾ ਚੱਕਾ ਜਾਮ ਕਰਕੇ ਸਰਕਾਰ ਨੂੰ ਜਗਾਇਆ ਜਾਵੇਗਾ। ਮਾਹਲ ਨੇ ਇਲਜ਼ਾਮ ਲਾਇਆ ਕਿ ਗੰਨਾ ਕਾਸ਼ਤਕਾਰਾਂ ਦੀਆਂ ਅਦਾਇਗੀਆਂ ਲਟਕੀਆਂ ਹੋਈਆਂ ਹਨ, ਤਰਨ ਤਾਰਨ ਦੇ ਕਰੋੜਾਂ ਰੁਪਏ ਦੇ ਘਪਲੇ ਦਾ ਹੱਲ ਨਹੀਂ ਕੀਤਾ ਗਿਆ ਅਤੇ ਕਿਸਾਨ ਆਗੂਆਂ 'ਤੇ ਝੂਠੇ ਪਰਚੇ ਦਰਜ ਕਰਵਾ ਕੇ ਸੰਘਰਸ਼ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਕਿਸਾਨਾਂ ਦੀਆਂ ਮੰਗਾਂ ਤੁਰੰਤ ਨਾ ਮੰਨੀਆਂ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਸਰਕਾਰ ਅਤੇ ਪ੍ਰਸ਼ਾਸਨ ਦੀ ਹੋਵੇਗੀ। ਉਨ੍ਹਾਂ ਪੰਜਾਬ ਦੇ ਸਮੂਹ ਕਿਸਾਨਾਂ, ਮਜ਼ਦੂਰਾਂ ਅਤੇ ਇਨਸਾਫ਼ ਪਸੰਦ ਲੋਕਾਂ ਨੂੰ ਅਪੀਲ ਕੀਤੀ ਕਿ 11 ਅਗਸਤ ਨੂੰ ਮਾਨਾਂਵਾਲਾ ਰੇਲਵੇ ਸਟੇਸ਼ਨ 'ਤੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਸੰਘਰਸ਼ ਨੂੰ ਕਾਮਯਾਬ ਬਣਾਇਆ ਜਾਵੇ।

## ਟਰੰਪ ਨੇ ਈਰਾਨ 'ਤੇ ਵੱਡੇ ਹਮਲੇ ਦੀ ਯੋਜਨਾ ਕੀਤੀ ਰੱਦ; ਕਿਹਾ- ਦੁਨੀਆ ਦੇ ਭਲੇ ਲਈ ਚੁੱਕਿਆ ਇਹ ਕਦਮ

**ਵਾਸ਼ਿੰਗਟਨ, 2 ਅਗਸਤ (ਆਵਾਜ਼ਿ ਕੌਮ ਬਿਊਰੋ)**-ਈਰਾਨ ਖਿਲਾਫ ਅਮਰੀਕਾ ਦਾ ਸਮਰਥਨ ਕਰਨ ਵਾਲੇ ਸਾਊਦੀ ਅਰਬ ਨੇ ਡੋਨਾਲਡ ਟਰੰਪ ਨੂੰ ਜੰਗ ਨਾ ਵਧਾਉਣ ਦੀ ਸਲਾਹ ਦਿੱਤੀ ਹੈ। ਜਿਸ ਤੋਂ ਬਾਅਦ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਈਰਾਨ 'ਤੇ ਵੱਡੇ ਹਮਲੇ ਦੀ ਯੋਜਨਾ ਰੱਦ ਕਰ ਦਿੱਤੀ ਹੈ। ਸਾਊਦੀ ਕ੍ਰਾਊਨ ਪ੍ਰਿੰਸ ਮੁਹੰਮਦ ਬਿਨ ਸਲਮਾਨ ਨੇ ਵ੍ਹਾਈਟ ਹਾਊਸ ਨੂੰ ਕਿਹਾ ਕਿ ਈਰਾਨ ਵਿੱਚ ਸੰਕਟ ਨੂੰ ਵਧਾਉਣ ਦੀ ਕੋਈ ਲੋੜ ਨਹੀਂ ਹੈ। ਹਾਲਾਂਕਿ, ਇਸ ਮਾਮਲੇ 'ਤੇ ਵ੍ਹਾਈਟ ਹਾਊਸ ਵੱਲੋਂ ਹੁਣ ਤੱਕ ਕੋਈ ਜਵਾਬ ਨਹੀਂ ਦਿੱਤਾ ਗਿਆ ਹੈ। ਰਿਪੋਰਟਾਂ ਇਹ ਵੀ ਕਹਿ ਰਹੀਆਂ ਹਨ ਕਿ ਅਮਰੀਕਾ ਨੇ ਸਾਊਦੀ ਅਰਬ ਕਾਰਨ ਈਰਾਨ 'ਤੇ ਵੱਡੇ ਹਮਲੇ ਦੀ ਯੋਜਨਾ ਰੱਦ ਕਰ ਦਿੱਤੀ ਹੈ। ਇਸ ਤੋਂ ਪਹਿਲਾਂ, ਕ੍ਰਾਊਨ ਪ੍ਰਿੰਸ ਨੇ ਅਮਰੀਕੀ ਰਾਸ਼ਟਰਪਤੀ ਨਾਲ ਫ਼ੋਨ 'ਤੇ ਗੱਲ ਕੀਤੀ ਸੀ ਅਤੇ ਉਨ੍ਹਾਂ ਨੂੰ ਪੁੱਛਿਆ ਸੀ ਕਿ ਉਹ ਈਰਾਨ 'ਤੇ ਕਿੰਨੇ ਵੱਡੇ ਹਮਲੇ ਦੀ ਯੋਜਨਾ ਬਣਾ ਰਹੇ ਹਨ। ਇਸ ਹਫ਼ਤੇ, ਅਮਰੀਕਾ ਅਤੇ ਸਾਊਦੀ ਅਰਬ ਨੇ ਸਾਂਝੇ ਤੌਰ 'ਤੇ ਕਈ ਈਰਾਨੀ ਟਿਕਾਣਿਆਂ 'ਤੇ ਹਮਲਾ ਕੀਤਾ। ਇਸ ਤੋਂ ਇਲਾਵਾ, ਕ੍ਰਾਊਨ ਪ੍ਰਿੰਸ ਨੇ ਆਪਣੇ ਭਰਾ ਅਤੇ ਰੱਖਿਆ ਮੰਤਰੀ ਖਾਲਿਦ ਬਿਨ ਸਲਮਾਨ ਨੂੰ ਵਾਸ਼ਿੰਗਟਨ ਭੇਜਿਆ। ਉਨ੍ਹਾਂ ਨੇ ਰਾਸ਼ਟਰਪਤੀ ਟਰੰਪ ਅਤੇ ਉਪ ਰਾਸ਼ਟਰਪਤੀ ਜੇਡੀ ਵੈਂਸ ਨਾਲ ਮੁਲਾਕਾਤ ਕੀਤੀ। ਈਰਾਨ ਨਾਲ ਵਧਦੇ ਤਣਾਅ ਦੇ ਵਿਚਕਾਰ, ਅਮਰੀਕਾ ਨੇ ਆਪਣੇ ਨਾਗਰਿਕਾਂ ਨੂੰ ਪੱਛਮੀ ਏਸ਼ੀਆ ਤੋਂ ਬਾਹਰ ਨਿਕਲਣ ਦੀ ਚਿਤਾਵਨੀ ਜਾਰੀ ਕੀਤੀ ਹੈ। ਯਰੂਸ਼ਲਮ ਵਿੱਚ ਅਮਰੀਕੀ ਦੂਤਾਵਾਸਾਂ ਅਤੇ ਵੱਖ-ਵੱਖ ਪੱਛਮੀ ਏਸ਼ੀਆਈ ਦੇਸ਼ਾਂ ਦੀਆਂ ਰਾਜਧਾਨੀਆਂ ਨੇ ਇਸੇ ਤਰ੍ਹਾਂ ਦੇ ਸੁਰੱਖਿਆ ਅਲਰਟ ਜਾਰੀ ਕੀਤੇ ਹਨ, ਜਿਸ ਵਿੱਚ ਅਮਰੀਕੀ ਨਾਗਰਿਕਾਂ ਨੂੰ ਪੱਛਮੀ ਏਸ਼ੀਆ ਦੀ ਯਾਤਰਾ ਕਰਨ ਤੋਂ ਰੋਕਣ ਦੀ ਚਿਤਾਵਨੀ ਦਿੱਤੀ ਗਈ ਹੈ। ਅਮਰੀਕਾ ਅਤੇ ਈਰਾਨ ਵਿਚਕਾਰ ਤਣਾਅ ਪਿਛਲੇ ਪੰਜ ਮਹੀਨਿਆਂ ਤੋਂ ਸਿਖਰ 'ਤੇ ਹੈ। ਦੋਵੇਂ ਦੇਸ਼ ਹੁਣ ਹੋਰਮੁਜ਼ ਜਲਡਮਰੂ ਦੇ ਨਿਯੰਤਰਣ ਨੂੰ ਲੈ ਕੇ ਆਹਮੋ-ਸਾਹਮਣੇ ਹਨ। ਵ੍ਹਾਈਟ ਹਾਊਸ ਦੀ ਪ੍ਰੈਸ ਸਕੱਤਰ ਕੈਰੋਲੀਨ ਲੇਵਿਟ ਨੇ ਈਰਾਨ 'ਤੇ ਸੰਯੁਕਤ ਰਾਜ ਅਮਰੀਕਾ ਨਾਲ ਜੰਗਬੰਦੀ ਸਮਝੌਤੇ ਦੀ ਉਲੰਘਣਾ ਕਰਨ ਦਾ ਇਲਜ਼ਾਮ ਲਗਾਇਆ। ਉਸਨੇ ਕਿਹਾ ਕਿ ਤਹਿਰਾਨ ਨੇ ਪਿਛਲੇ ਮਹੀਨੇ ਸੰਯੁਕਤ ਰਾਜ ਅਮਰੀਕਾ ਨਾਲ ਇੱਕ ਸਮਝੌਤਾ ਪੱਤਰ (ਐਮਓਯੂ) 'ਤੇ ਹਸਤਾਖਰ ਕੀਤੇ ਸਨ, ਪਰ ਇਸ ਤੋਂ ਥੋੜ੍ਹੀ ਦੇਰ ਬਾਅਦ, ਇਸਨੇ ਇਸਨੂੰ ਤੋੜ ਦਿੱਤਾ, ਵਪਾਰਕ ਜਹਾਜ਼ਾਂ 'ਤੇ ਹਮਲਾ ਕੀਤਾ ਅਤੇ ਅਮਰੀਕੀ ਸੇਵਾ ਮੈਂਬਰਾਂ ਨੂੰ ਮਾਰ ਦਿੱਤਾ।



## ਨਸ਼ਾ ਤਸਕਰੀ ਨੈੱਟਵਰਕ ਦਾ ਪਰਦਾਫਾਸ਼; ਪੁਲਿਸ ਵੱਲੋਂ 3 ਕਿਲੋ 29 ਗ੍ਰਾਮ ਹੈਰੋਇਨ ਸਣੇ ਮੁਲਜਮ ਗ੍ਰਿਫਤਾਰ

**ਅੰਮ੍ਰਿਤਸਰ, 2 ਅਗਸਤ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਵਿੱਚ ਨਸ਼ਾ ਤਸਕਰੀ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਥਾਣਾ ਲੋਪੋਕੇ ਪੁਲਿਸ ਨੇ ਗੁਪਤ ਸੂਚਨਾ ਦੇ ਆਧਾਰ 'ਤੇ ਕਾਰਵਾਈ ਕਰਦਿਆਂ 3 ਕਿਲੋ 29 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਇਸ ਮਾਮਲੇ ਵਿੱਚ ਨੂਰਪੁਰ ਵਾਸੀ ਹਰਪ੍ਰੀਤ ਸਿੰਘ ਪੁੱਤਰ ਸੁਖਦੇਵ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਮੁਲਜ਼ਮ ਖ਼ਿਲਾਫ਼ ਐਨਡੀਪੀਐਸ ਐਕਟ ਦੀਆਂ ਧਾਰਾਵਾਂ 21, 61 ਅਤੇ 85 ਤਹਿਤ ਮਾਮਲਾ ਦਰਜ ਕਰਕੇ ਅਗਲੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਪੁਲਿਸ ਮੁਤਾਬਕ ਟੀਮ ਨਿਯਮਤ ਗਸ਼ਤ ਅਤੇ ਸ਼ੱਕੀ ਵਿਅਕਤੀਆਂ ਦੀ ਤਲਾਸ਼ ਦੌਰਾਨ ਮੇਨ ਜੀਟੀ ਰੋਡ 'ਤੇ ਮੌਜੂਦ ਸੀ। ਇਸ ਦੌਰਾਨ ਇੱਕ ਭਰੋਸੇਯੋਗ ਮੁਖ਼ਬਰ ਨੇ ਸੂਚਨਾ ਦਿੱਤੀ ਕਿ ਹਰਪ੍ਰੀਤ ਸਿੰਘ ਪਾਕਿਸਤਾਨ ਵਿੱਚ ਬੈਠੇ ਨਸ਼ਾ ਤਸਕਰਾਂ ਦੇ ਸੰਪਰਕ ਵਿੱਚ ਹੈ। ਸੂਚਨਾ ਅਨੁਸਾਰ ਉਹ ਅਟਾਰੀ ਸਰਹੱਦੀ ਖੇਤਰ ਰਾਹੀਂ ਡਰੋਨ ਅਤੇ ਹੋਰ ਤਰੀਕਿਆਂ ਨਾਲ ਭੇਜੀਆਂ ਜਾ ਰਹੀਆਂ ਹੈਰੋਇਨ ਦੀਆਂ ਖੇਪਾਂ ਨਾਲ ਜੁੜਿਆ ਹੋਇਆ ਹੈ। ਸੂਚਨਾ ਨੂੰ ਗੰਭੀਰਤਾ ਨਾਲ ਲੈਂਦਿਆਂ ਪੁਲਿਸ ਨੇ ਤੁਰੰਤ ਕਾਰਵਾਈ ਕੀਤੀ ਅਤੇ ਮੁਲਜ਼ਮ ਦੇ ਕਬਜ਼ੇ ਵਿੱਚੋਂ 3 ਕਿਲੋ 29 ਗ੍ਰਾਮ ਹੈਰੋਇਨ ਬਰਾਮਦ ਕੀਤੀ। ਇਸ ਤੋਂ ਇਲਾਵਾ ਇੱਕ ਮੋਟਰਸਾਈਕਲ, ਇੱਕ ਮੋਬਾਈਲ ਫੋਨ ਅਤੇ 1,000 ਰੁਪਏ ਭਾਰਤੀ ਕਰੰਸੀ ਵੀ ਬਰਾਮਦ ਕਰਕੇ ਆਪਣੇ ਕਬਜ਼ੇ ਵਿੱਚ ਲੈ ਲਈ ਗਈ ਹੈ। ਫਿਲਹਾਲ ਪੁਲਿਸ ਪੂਰੇ ਨਸ਼ਾ ਤਸਕਰੀ ਨੈੱਟਵਰਕ ਦੀ ਡੂੰਘਾਈ ਨਾਲ ਜਾਂਚ ਕਰ ਰਹੀ ਹੈ। ਇਹ ਪਤਾ ਲਗਾਇਆ ਜਾ ਰਿਹਾ ਹੈ ਕਿ ਮੁਲਜ਼ਮ ਦੇ ਹੋਰ ਕਿਹੜੇ ਲੋਕਾਂ ਨਾਲ ਸੰਪਰਕ ਸਨ, ਪਾਕਿਸਤਾਨੀ ਤਸਕਰਾਂ ਨਾਲ ਉਸਦਾ ਰਾਬਤਾ ਕਿਵੇਂ ਬਣਿਆ ਅਤੇ ਉਹ ਹੁਣ ਤੱਕ ਡਰੋਨ ਰਾਹੀਂ ਭੇਜੀਆਂ ਗਈਆਂ ਹੈਰੋਇਨ ਦੀਆਂ ਖੇਪਾਂ ਦੀ ਸਪਲਾਈ ਵਿੱਚ ਕਿੰਨੀ ਵਾਰ ਸ਼ਾਮਲ ਰਿਹਾ। ਇਸ ਮਾਮਲੇ ਵਿੱਚ ਹੋਰ ਮੁਲਜ਼ਮਾਂ ਦੀ ਪਛਾਣ ਅਤੇ ਗ੍ਰਿਫ਼ਤਾਰੀ ਲਈ ਲਗਾਤਾਰ ਛਾਪੇਮਾਰੀ ਜਾਰੀ ਹੈ। ਪੁਲਿਸ ਦਾ ਕਹਿਣਾ ਹੈ ਕਿ ਸਰਹੱਦ ਪਾਰ ਤੋਂ ਹੋ ਰਹੀ ਨਸ਼ਾ ਤਸਕਰੀ ਨੂੰ ਰੋਕਣ ਲਈ ਮੁਹਿੰਮ ਲਗਾਤਾਰ ਜਾਰੀ ਰਹੇਗੀ ਅਤੇ ਇਸ ਨੈੱਟਵਰਕ ਨਾਲ ਜੁੜੇ ਕਿਸੇ ਵੀ ਵਿਅਕਤੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਮਾਮਲੇ ਦੀ ਜਾਂਚ ਜਾਰੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਵੱਡੇ ਖੁਲਾਸਿਆਂ ਦੀ ਸੰਭਾਵਨਾ ਜਤਾਈ ਜਾ ਰਹੀ ਹੈ।



ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

## 21, 22 ਅਤੇ 23 ਅਗਸਤ

☛ ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲਾ ਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ

☛ ਸਲਾਨਾ ਬਰਸੀ ਸੱਚਖੰਡ ਵਾਸੀ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਭਿੰਡਰਾਂਵਾਲਿਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ਼ੁੱਕਰਵਾਰ 21 ਅਗਸਤ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ, ਸ਼ਨਿੱਚਰਵਾਰ 22 ਅਗਸਤ ਸ਼ਾਮ 5 ਤੋਂ ਸਾਢੇ 8 ਵਜੇ ਤੱਕ ਦੀਵਾਨ ਸਜਣਗੇ

ਐਤਵਾਰ 23 ਅਗਸਤ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ, ਕੀਰਤਨੀ ਜਥਾ,ਕਵੀਸ਼ਰੀ ਤੇ ਢਾਡੀ ਸਿੰਘ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

# ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ



ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar

www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਪਰਉਪਕਾਰੀ ਸ਼ਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA
WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

# ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

**1 ਨਵੰਬਰ 2026, ਦਿਨ ਐਤਵਾਰ ਨੂੰ**
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404



Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

### ਸਰੀ ਦੇ ਮੀਰੀ-ਪੀਰੀ ਨਗਰ ਕੀਰਤਨ 'ਚ ਖਾਲਿਸਤਾਨ ਰੈਫਰੈਂਡਮ ਦੀ ਗੂੰਜ

# ਹਜ਼ਾਰਾਂ ਸੰਗਤਾਂ ਨੇ ਪੰਥਕ ਏਕਤਾ ਦਾ ਦਿੱਤਾ ਸੰਦੇਸ਼




**ਨਵੀਂ ਦਿੱਲੀ, 2 ਅਗਸਤ (ਮਨਪ੍ਰੀਤ ਸਿੰਘ ਖਾਲਸਾ)**-ਕੈਨੇਡਾ ਦੇ ਸਰੀ ਸ਼ਹਿਰ ਵਿਖੇ ਸ਼ਹੀਦੀ ਅਸਥਾਨ ਜਥੇਦਾਰ ਹਰਦੀਪ ਸਿੰਘ ਨਿੱਝਰ ਨਾਲ ਸਬੰਧਤ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਵੱਲੋਂ ਕਰਵਾਇਆ ਗਿਆ ਸਾਲਾਨਾ ਮੀਰੀ-ਪੀਰੀ ਨਗਰ ਕੀਰਤਨ ਇਸ ਵਾਰ ਸਿਰਫ਼ ਧਾਰਮਿਕ ਸ਼ਰਧਾ ਦਾ ਹੀ ਨਹੀਂ, ਸਗੋਂ ਪੰਥਕ ਜਾਗਰੂਕਤਾ ਅਤੇ ਖਾਲਿਸਤਾਨ ਰੈਫਰੈਂਡਮ ਲਈ ਲਾਮਬੰਦੀ ਦਾ ਵੀ ਕੇਂਦਰ ਬਣਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਅਗਵਾਈ ਹੇਠ ਨਿਕਲੇ ਨਗਰ ਕੀਰਤਨ ਦੌਰਾਨ ਹਜ਼ਾਰਾਂ ਸਿੱਖ ਸੰਗਤਾਂ ਨੇ ਸ਼ਰਧਾ, ਸੇਵਾ ਅਤੇ ਚੜ੍ਹਦੀ ਕਲਾ ਨਾਲ ਸ਼ਮੂਲੀਅਤ ਕਰਦਿਆਂ ਪੰਥਕ ਏਕਤਾ ਦਾ ਪ੍ਰਭਾਵਸ਼ਾਲੀ ਪ੍ਰਦਰਸ਼ਨ ਕੀਤਾ। ਭੇਜੀ ਗਈ ਜਾਣਕਾਰੀ ਮੁਤਾਬਿਕ ਸਵੇਰੇ ਮੌਸਮ ਬਰਸਾਤੀ ਹੋਣ ਦੇ ਬਾਵਜੂਦ ਦੁਪਹਿਰ ਤੱਕ ਖਿੜੀ ਧੁੱਪ ਨੇ ਸੰਗਤਾਂ ਦੇ ਉਤਸ਼ਾਹ ਨੂੰ ਹੋਰ ਵਧਾ ਦਿੱਤਾ। ਨਗਰ ਕੀਰਤਨ ਸਰੀ ਸ਼ਹਿਰ ਦੇ ਵੱਖ-ਵੱਖ ਮਾਰਗਾਂ ਤੋਂ ਹੁੰਦਾ ਹੋਇਆ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਵਿਖੇ ਸੰਪੰਨ ਹੋਇਆ। ਸਮੁੱਚੇ ਰੂਟ 'ਤੇ ਸੰਗਤਾਂ ਵੱਲੋਂ ਥਾਂ-ਥਾਂ ਵਿਸ਼ਾਲ ਲੰਗਰ, ਠੰਢੇ-ਮਿੱਠੇ ਜਲ ਅਤੇ ਹੋਰ ਸੇਵਾਵਾਂ ਦੇ ਸਟਾਲ ਲਗਾਏ ਗਏ, ਜਦਕਿ ਗੁਰਦੁਆਰਾ ਸਾਹਿਬਾਨ, ਸਿੱਖ ਜਥੇਬੰਦੀਆਂ ਅਤੇ ਸੇਵਾਦਾਰਾਂ ਵੱਲੋਂ ਸਵਾਗਤੀ ਸਟੇਜਾਂ ਸਜਾ ਕੇ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਦੀ ਅਗਵਾਈ ਵਿੱਚ ਪੰਜ ਪਿਆਰੇ ਤਿਆਰ-ਬਰ-ਤਿਆਰ ਚੱਲ ਰਹੇ ਸਨ। ਗਤਕਾ ਅਖਾੜਿਆਂ ਨੇ ਸਿੱਖ ਕੌਮ ਦੀ ਮੀਰੀ-ਪੀਰੀ ਪਰੰਪਰਾ, ਸੰਤ-ਸਿਪਾਹੀ ਦੀ ਰਵਾਇਤ ਅਤੇ ਸ਼ੌਰਿਆ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਸ਼ਹੀਦ ਸਿੰਘਾਂ ਅਤੇ ਸਿੱਖ ਇਤਿਹਾਸ ਨਾਲ ਸਬੰਧਤ ਫਲੋਟਾਂ ਨੇ ਵੀ ਸੰਗਤਾਂ ਦਾ ਵਿਸ਼ੇਸ਼ ਧਿਆਨ ਆਪਣੇ ਵੱਲ ਖਿੱਚਿਆ। ਨਗਰ ਕੀਰਤਨ ਦੌਰਾਨ ਟੀਮ ਸ਼ਹੀਦ ਨਿੱਝਰ ਵੱਲੋਂ ਖਾਲਿਸਤਾਨ ਰੈਫਰੈਂਡਮ ਸਬੰਧੀ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾਈ ਗਈ। ਸੰਗਤਾਂ ਨੂੰ ਆਉਣ ਵਾਲੀਆਂ ਰੈਫਰੈਂਡਮ ਵੋਟਾਂ ਵਿੱਚ ਵੱਧ ਤੋਂ ਵੱਧ ਹਿੱਸਾ ਲੈਣ ਅਤੇ ਵਲੰਟੀਅਰ ਵਜੋਂ ਸੇਵਾ ਨਿਭਾਉਣ ਦੀ ਅਪੀਲ ਕੀਤੀ ਗਈ। ਇਸ ਦੌਰਾਨ ਖਾਲਿਸਤਾਨ ਦੇ ਨਾਅਰੇ ਗੂੰਜੇ ਅਤੇ ਖਾਲਿਸਤਾਨ ਦੇ ਝੰਡੇ ਵੱਡੀ ਗਿਣਤੀ ਵਿੱਚ ਲਹਿਰਾਉਂਦੇ ਨਜ਼ਰ ਆਏ, ਜਿਸ ਨਾਲ ਸਮਾਗਮ ਦਾ ਪੰਥਕ ਮਾਹੌਲ ਹੋਰ ਵੀ ਉਭਰ ਕੇ ਸਾਹਮਣੇ ਆਇਆ। ਪ੍ਰਬੰਧਕ ਕਮੇਟੀ ਨੇ ਸੰਗਤ ਨੂੰ 16 ਅਗਸਤ 2026 ਨੂੰ ਇੰਡੀਆਨਾ (ਅਮਰੀਕਾ) ਅਤੇ 18 ਅਕਤੂਬਰ 2026 ਨੂੰ ਐਡਮਿੰਟਨ, ਅਲਬਰਟਾ (ਕੈਨੇਡਾ) ਵਿਖੇ ਹੋਣ ਵਾਲੀਆਂ ਖਾਲਿਸਤਾਨ ਰੈਫਰੈਂਡਮ ਵੋਟਾਂ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਵੀ ਕੀਤੀ। ਗੁਰੂ ਨਾਨਕ ਸਿੱਖ ਗੁਰਦੁਆਰਾ ਦੇ ਪ੍ਰਧਾਨ ਭਾਈ ਗੁਰਮੀਤ ਸਿੰਘ ਗਿੱਲ, ਸਕੱਤਰ ਭਾਈ ਗੁਰਮੀਤ ਸਿੰਘ ਤੂਰ ਅਤੇ ਰਿਕਾਰਡਿੰਗ ਸਕੱਤਰ ਭਾਈ ਨਰਿੰਦਰ ਸਿੰਘ ਰੰਧਾਵਾ ਨੇ ਦੱਸਿਆ ਕਿ ਮੀਰੀ-ਪੀਰੀ ਨਗਰ ਕੀਰਤਨ ਦਾ ਮੰਤਵ ਗੁਰੂ ਸਾਹਿਬਾਨ ਵੱਲੋਂ ਬਖ਼ਸ਼ੀ ਮੀਰੀ-ਪੀਰੀ ਦੀ ਵਿਚਾਰਧਾਰਾ, ਸੇਵਾ, ਸਿਮਰਨ ਅਤੇ ਪੰਥਕ ਏਕਤਾ ਦੇ ਸੰਦੇਸ਼ ਨੂੰ ਵਿਸ਼ਵ ਭਰ ਤੱਕ ਪਹੁੰਚਾਉਣਾ ਹੈ। ਉਨ੍ਹਾਂ ਕਿਹਾ ਕਿ ਸੰਗਤਾਂ ਦੀ ਰਿਕਾਰਡ ਸ਼ਮੂਲੀਅਤ ਇਸ ਗੱਲ ਦਾ ਸਬੂਤ ਹੈ ਕਿ ਸਿੱਖ ਕੌਮ ਆਪਣੇ ਧਾਰਮਿਕ ਅਤੇ ਪੰਥਕ ਸਰੋਕਾਰਾਂ ਪ੍ਰਤੀ ਪੂਰੀ ਤਰ੍ਹਾਂ ਜਾਗਰੂਕ ਹੈ। ਉਨ੍ਹਾਂ ਸਮੂਹ ਸੰਗਤ ਨੂੰ ਅਪੀਲ ਕੀਤੀ ਕਿ ਆਉਣ ਵਾਲੀਆਂ ਰੈਫਰੈਂਡਮ ਵੋਟਾਂ ਵਿੱਚ ਵੱਧ ਤੋਂ ਵੱਧ ਹਿੱਸਾ ਲੈ ਕੇ ਅਤੇ ਸੇਵਾਦਾਰ ਵਜੋਂ ਯੋਗਦਾਨ ਪਾ ਕੇ ਆਪਣੀ ਜ਼ਿੰਮੇਵਾਰੀ ਨਿਭਾਉਣ। ਇਸ ਮੌਕੇ ਅਵਤਾਰ ਸਿੰਘ ਖਹਿਰਾ, ਮਨਜਿੰਦਰ ਸਿੰਘ ਖਾਲਸਾ, ਜਸਕੀਰਤ ਸਿੰਘ, ਜੈਗ ਸਿੱਧੂ, ਰਜਿੰਦਰ ਸਿੰਘ ਨੱਤ ਸਮੇਤ ਟੀਮ ਸ਼ਹੀਦ ਨਿੱਝਰ ਦੇ ਅਨੇਕਾਂ ਸੇਵਾਦਾਰਾਂ ਨੇ ਪ੍ਰਬੰਧਾਂ ਦੀ ਸੇਵਾ ਸੰਭਾਲੀ। ਸਮੁੱਚਾ ਨਗਰ ਕੀਰਤਨ ਪੂਰੀ ਸ਼ਰਧਾ, ਅਨੁਸ਼ਾਸਨ, ਸੇਵਾ ਭਾਵਨਾ ਅਤੇ ਚੜ੍ਹਦੀ ਕਲਾ ਦੇ ਮਾਹੌਲ ਵਿੱਚ ਸੰਪੰਨ ਹੋਇਆ, ਜਿਸ ਨੇ ਸਿੱਖ ਕੌਮ ਦੀ ਏਕਤਾ, ਗੁਰਮਤਿ ਪਰੰਪਰਾ ਅਤੇ ਸੰਤ-ਸਿਪਾਹੀ ਦੇ ਜਜ਼ਬੇ ਦੀ ਸ਼ਾਨਦਾਰ ਝਲਕ ਪੇਸ਼ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

### ਪੈਦਲ ਯਾਤਰਾ ਕਰ ਰਹੇ ਭਾਈ ਬਲਜੀਤ ਸਿੰਘ ਨੇ ਅੱਜ ਰਾਤ

# ਗੁਰਦੁਆਰਾ ਨਾਨਕਸਰ ਸਾਹਿਬ ਜੰਡਿਆਲਾ ਗੁਰੂ ਵਿਖੇ ਠਹਿਰਾਓ ਕੀਤਾ



**ਚੌਕ ਮਹਿਤਾ, 2 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਬੀਤੇ 98 ਦਿਨਾਂ ਤੋਂ ਰਾਜਸਥਾਨ ਦੇ ਰਹਿਣ ਵਾਲੇ ਬਲਜੀਤ ਸਿੰਘ ਵੱਲੋਂ ਚਾਰ ਧਾਮਾਂ ਦੀ ਯਾਤਰਾ ਆਰੰਭ ਕੀਤੀ ਗਈ ਅੱਜ ਬਲਜੀਤ ਸਿੰਘ ਵਲੋਂ ਸਚਖੰਡ ਸ੍ਰੀ ਅੰਮ੍ਰਿਤਸਰ ਸਾਹਿਬ ਸ੍ਰੀ ਦਰਬਾਰ ਸਾਹਿਬ ਜੀ ਦੇ ਦਰਸ਼ਨ ਕਰਨ ਉਪਰੰਤ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਵਿਖੇ ਠਹਿਰਾਓ ਕੀਤਾ ਗਿਆ। ਇਸ ਮੌਕੇ ਸੰਤ ਬਾਬਾ ਬਿਬੇਕ ਸਿੰਘ ਮੁੱਖ ਸੇਵਾਦਾਰ ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਦੱਸਿਆ ਕਿ ਅੱਜ ਜਦੋਂ ਸਾਨੂੰ ਪਤਾ ਚੱਲਿਆ ਕਿ ਰਾਜਸਥਾਨ ਤੋਂ ਇਕ ਸਿੰਘ ਪੈਦਲ ਯਾਤਰਾ ਕਰਦਿਆਂ ਹੋਇਆ ਜੰਡਿਆਲਾ ਗੁਰੂ ਵਿਖੇ ਪਹੁੰਚਿਆ ਹੈ ਤਾਂ ਅਸੀਂ ਤੁਰੰਤ ਗੁਰੂ ਵਿਖੇ ਪਹੁੰਚੇ ਹਾਂ ਅਤੇ ਅੱਜ ਦੀ ਰਾਤ ਦੇ ਠਹਿਰਾਓ ਦੀ ਸੇਵਾ ਅਸੀਂ ਮੰਗ ਕਿ ਲਈ ਹੈ ਅਤੇ ਕੱਲ੍ਹ ਨੂੰ ਬਲਜੀਤ ਸਿੰਘ ਵਲੋਂ ਆਪਣੇ ਘਰ ਨਿਵਾਸ ਨੂੰ ਸਵੇਰੇ ਵਾਪਸ ਚਾਲੇ ਪਾਏ ਜਾਣਗੇ। ਇਸ ਮੌਕੇ ਬਲਜੀਤ ਸਿੰਘ ਵਾਸੀ ਰਾਜਸਥਾਨ ਜ਼ਿਲ੍ਹਾ ਸ਼੍ਰੀਗੰਗਾਨਗਰ ਪਿੰਡ 6 ਓ.ਬੀ. ਸ਼੍ਰੀਕਰਣਪੁਰ ਨੇ ਗੱਲਬਾਤ ਦੌਰਾਨ ਦੱਸਿਆ ਕਿ 23 ਅਪ੍ਰੈਲ ਨੂੰ ਯਾਤਰਾ ਆਪਣੇ ਪਿੰਡ ਤੋਂ ਸੁਰੂ ਕੀਤੀ ਗਈ ਸੀ ਜਿਨਾਂ ਵਿੱਚ ਚਾਰ ਧਾਮ ਯਾਤਰਾ ਸ਼੍ਰੀ ਯਮੁਨੋਤਰੀ ਧਾਮ, ਸ਼੍ਰੀ ਗੰਗੋਤਰੀ ਧਾਮ, ਸ਼੍ਰੀ ਕੇਦਾਰਨਾਥ ਧਾਮ, ਸ਼੍ਰੀ ਬਦਰੀਨਾਥ ਧਾਮ, ਹੇਮਕੁੰਡ ਸਾਹਿਬ ਦੇ ਦਰਸ਼ਨ, ਯਾਤਰਾ ਦੇ ਦੌਰਾਨ ਦਰਸ਼ਨ ਕੀਤੇ ਗਏ ਪ੍ਰਮੁੱਖ ਗੁਰਦੁਆਰਾ, ਗੁਰਦੁਆਰਾ ਸ੍ਰੀ ਪਾਂਤ ਸਾਹਿਬ ਗੁਰਦੁਆਰਾ ਬਾਬਾ ਕ੍ਰਿਪਾਲ ਦਾਸ ਸ਼ਿਲਾ, ਗੁਰਦੁਆਰਾ ਸ੍ਰੀ ਭਗਾਨੀ ਸਾਹਿਬ, ਗੁਰਦੁਆਰਾ ਸ਼੍ਰੀ ਤੀਰਗਢੀ ਸਾਹਿਬ, ਗੁਰਦੁਆਰਾ ਸ਼੍ਰੀ ਰਣਥੰਭ ਸਾਹਿਬ, ਗੁਰੂਦੁਆਰਾ ਸ਼੍ਰੀ ਸ਼ੇਰਗਢ ਸਾਹਿਬ, ਗੁਰਦੁਆਰਾ ਸ੍ਰੀ ਨਾਡਾ ਸਾਹਿਬ (ਚੰਡੀਗੜ੍ਹ), ਗੁਰਦੁਆਰਾ ਸ਼੍ਰੀ ਫਤਿਹਗੜ੍ਹ ਸਾਹਿਬ, ਗੁਰਦੁਆਰਾ ਸ਼੍ਰੀ ਮੋਰਿੰਡਾ, ਗੁਰਦੁਆਰਾ ਸ਼੍ਰੀ ਕੋਟਵਾਲੀ ਸਾਹਿਬ, ਮੋਰਿੰਡਾ ਗੁਰਦੁਆਰਾ ਸ਼੍ਰੀ ਚਮਕੌਰ ਸਾਹਿਬ, ਗੁਰਦੁਆਰਾ ਸ਼੍ਰੀ ਭਾਡਾ ਸਾਹਿਬ, ਗੁਰਦੁਆਰਾ ਸ਼੍ਰੀ ਰੂਪਨਗਰ (ਰੋਪੜ), ਗੁਰਦੁਆਰਾ ਸ਼੍ਰੀ ਪਰਿਵਾਰ ਵਿਛੋੜਾ ਸਾਹਿਬ, ਗੁਰਦੁਆਰਾ ਸ਼੍ਰੀ ਕੀਰਤਪੁਰ ਸਾਹਿਬ, ਤਖਤ ਸ਼੍ਰੀ ਕੇਸਗੜ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਗੁਰਦੁਆਰਾ ਸ਼੍ਰੀ ਪਾਤਾਲਪੁਰੀ ਸਾਹਿਬ, ਕੀਰਤਪੁਰ 36 ਗੁਰਦੁਆਰਾ ਸ਼੍ਰੀ ਬਾਬਾ ਬੁਢਾ ਸਾਹਿਬ, ਕੀਰਤਪੁਰ ਸਾਹਿਬ ਜੀ ਦਰਸ਼ਨ ਕੀਤੇ ਗਏ ਅਤੇ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਆਨੰਦਪੁਰ ਸਾਹਿਬ ਜੀ ਤੋਂ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ ਅਤੇ ਕੁਲ ਦਿਨ 94 ਦਿਨ ਅਤੇ ਵੱਖ-ਵੱਖ ਗੁਰਧਾਮਾਂ ਦੇ ਦਰਸ਼ਨ ਦੀਦਾਰੇ ਕੀਤੇ ਗਏ ਅਤੇ ਅੱਜ ਸੱਚਖੰਡ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਜੀ ਦੇ ਦਰਸ਼ਨ ਦੀਦਾਰੇ ਕੀਤੇ ਗਏ ਕੱਲ੍ਹ ਨੂੰ ਸਵੇਰ ਦੇ ਸਮੇਂ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਤੋਂ ਵਾਪਸ ਚਾਲੇ ਪਾਏ ਜਾਣਗੇ ! ਮੇਰੀ ਸਿੱਖ ਬੁੱਧੀਜੀਵੀਆਂ ਜਥੇਬੰਦੀਆ ਨੂੰ ਬੇਨਤੀ ਹੈ ਕਿ ਮੇਰੇ ਪਿੰਡ ਵਿੱਚ ਗੁਰਦੁਆਰਾ ਸਾਹਿਬ ਨਹੀਂ ਹੈ ਉਸ ਵਲ ਜਰੂਰ ਧਿਆਨ ਦਿੱਤਾ ਜਾਵੇ ਤਾਂ ਗੁਰੂਦੁਆਰਾ ਹੋਵੇ ਤਾਂ ਅਸੀਂ ਹਰ ਰੋਜ ਗੁਰੂ ਸਾਹਿਬ ਜੀ ਦੇ ਦਰਸ਼ਨ ਕਰ ਸਕੀਏ ਇਸ ਮੌਕੇ ਤੇ ਸੰਤ ਬਾਬਾ ਬਿਬੇਕ ਸਿੰਘ ਜੀ ਨੇ ਕਿਹਾ ਛੇਤੀ ਜਥੇਬੰਦੀਆਂ ਦੇ ਆਗੂਆਂ ਨਾਲ ਗੱਲਬਾਤ ਕਰਕੇ ਗੁਰਦੁਆਰਾ ਸਾਹਿਬ ਤਿਆਰ ਕਰਨ ਦੀ ਕੋਸ਼ਿਸ਼ ਕਰਾਂਗੇ।

**ਗੁਰਦੁਆਰਾ ਨਾਨਕਸਰ ਸਾਹਿਬ ਦੇ ਮੁੱਖੀ ਸੰਤ ਬਾਬਾ ਬਿਬੇਕ ਸਿੰਘ ਨੇ ਨਿੱਘਾ ਸੁਆਗਤ ਕੀਤਾ**

ਆਵਾਜ਼ਿ ਕੌਮ AWAZE QAUM International Newspaper & WEB TV

# ਸਰਪ੍ਰੀਤ ਸਿੰਘ ਗਿੱਲ ਦੀ ਅਗਵਾਈ ਹੇਠ ਸਰਪੰਚ ਕੁਲਵਿੰਦਰ ਸਿੰਘ ਮਿੱਠਾ ਚੰਨਣਕੇ ਦੇ ਗ੍ਰਹਿ ਵਿਖੇ ਮੀਟਿੰਗ ਹੋਈ



**ਚੌਕ ਮਹਿਤਾ,2 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਆਮ ਆਦਮੀ ਪਾਰਟੀ ਦੇ ਸੀਨੀਅਰ ਲੀਡਰ ਹਲਕਾ ਮਜੀਠਾ ਦੇ ਇੰਚਾਰਜ ਸ ਤਲਬੀਰ ਸਿੰਘ ਗਿੱਲ ਹੋਣਹਾਰ ਅਗਾਂਹ ਵਧੂ ਸੋਚ ਦੇ ਮਾਲਕ ਨੋਜਵਾਨ ਸਪੁੱਤਰ ਸਰਪ੍ਰੀਤ ਸਿੰਘ ਗਿੱਲ ਦੀ ਅਗਵਾਈ ਹੇਠ ਪਿੰਡ ਚੰਨਣਕੇ ਦੇ ਨੋਜਵਾਨ ਸਰਪੰਚ ਕੁਲਵਿੰਦਰ ਸਿੰਘ ਮਿੱਠਾ ਚੰਨਣਕੇ ਦੇ ਗ੍ਰਹਿ ਵਿਖੇ ਇੱਕ ਮੀਟਿੰਗ ਹੋਈ। ਜਿਸ ਵਿਚ ਪਿੰਡ ਦੇ ਵਿਕਾਸ ਲਈ ਬਹੁਤ ਵਿਚਾਰਾਂ ਹੋਈਆਂ ਇਹ ਮੀਟਿੰਗ ਇੱਕ ਭਾਰੀ ਇਕੱਠ ਵਿੱਚ ਹੋਈ। ਇਸ ਮੌਕੇ ਤੇ ਪਿੰਡ ਵਾਸੀਆਂ ਨੇ ਤਲਬੀਰ ਸਿੰਘ ਗਿੱਲ ਦਾ ਧੰਨਵਾਦ ਕੀਤਾ ਕਿ ਜੋ ਪਿਛੱਲੇ ਕਾਫੀ ਸਮੇਂ ਤੋਂ ਭੋਏਵਾਲ ਤੋਂ ਚੰਨਣਕੇ, ਨਵੇਂ ਚੰਨਣਕੇ ਤੋਂ ਸੂਰੋ ਪੱਡਾ ਦਾ ਨੀਂਹ ਪੱਥਰ ਰੱਖਿਆ ਗਿਆ ਹੈ ਅਤੇ ਕੰਮ ਵੀ ਚਾਲੂ ਕੀਤਾ ਗਿਆ ਹੈ । ਇਹ ਸੜਕ 18 ਫੁੱਟ ਚੜ੍ਹਾਈ ਵਿਚ ਤਿਆਰ ਹੋ ਰਹੀ ਹੈ। ਇਸ ਮੌਕੇ ਸਰਪ੍ਰੀਤ ਸਿੰਘ ਗਿੱਲ ਨੇ ਦੱਸਿਆ ਕਿ 5 ਅਗਸਤ ਨੂੰ ਸ, ਤਲਬੀਰ ਸਿੰਘ ਗਿੱਲ ਆਪ ਪਿੰਡ ਚੰਨਣਕੇ ਵਿਖੇ 12 ਵਜੇ ਇੱਕ ਬਹੁਤ ਵੱਡੇ ਰੈਲੀ ਰੂਪ ਵਿੱਚ ਸੰਗਤਾਂ ਦੇ ਨਾਲ ਵਿਚਾਰ ਸਾਂਝੇ ਕਰਨਗੇ। ਇਸ ਮੌਕੇ ਤੇ ਕੁਲਵਿੰਦਰ ਸਿੰਘ ਮਿੱਠਾ ਚੰਨਣਕੇ ਸਰਪੰਚ, ਮੈਂਬਰ ਸਰਬਜੀਤ ਸਿੰਘ, ਮੈਂਬਰ ਹੀਰਾ ਸਿੰਘ, ਮੈਂਬਰ ਗੁਰਦੇਵ ਸਿੰਘ, ਪ੍ਰਧਾਨ ਲਖਵਿੰਦਰ ਸਿੰਘ, ਬਲਾਕ ਪ੍ਰਧਾਨ ਮੈਡਮ ਰਾਜਦੀਪ ਕੌਰ, ਮੈਂਬਰ ਹਰਜਿੰਦਰ ਕੌਰ, ਹਰਕੀਰਤ ਸਿੰਘ, ਪ੍ਰਧਾਨ ਜਗੀਰ ਸਿੰਘ, ਬਾਬਾ ਸਾਹਿਬ ਸਿੰਘ। ਬਾਬਾ ਬਲਵਿੰਦਰ ਸਿੰਘ, ਮੇਜਰ ਸਿੰਘ, ਆਦਿਕ ਆਗੂ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਉਜਾਲਾ ਸਿਗਨਸ ਦੇ ਸਹਿਯੋਗ ਨਾਲ ਅਮਨਦੀਪ ਹਸਪਤਾਲ ਦੀ ਵੱਡੀ ਪਹਿਲ

### 31 ਅਗਸਤ ਤੱਕ ਸਿਹਤ ਬੀਮਾ ਧਾਰਕਾਂ ਲਈ ਮੁਫ਼ਤ ਓ.ਪੀ.ਡੀ ਸਲਾਹ




ਫ਼ਿਰੋਜ਼ਪੁਰ, 02 ਅਗਸਤ (ਮਨੋਹਰ ਲਾਲ) :— ਸਿਹਤ ਸੇਵਾਵਾਂ ਨੂੰ ਹੋਰ ਵੱਧ ਲੋਕਾਂ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਅਮਨਦੀਪ ਹਸਪਤਾਲ ਫਿਰੋਜ਼ਪੁਰ ਨੇ ਉਜਾਲਾ ਸਿਗਨਸ ਹੈਲਥਕੇਅਰ ਦੇ ਸਹਿਯੋਗ ਨਾਲ ਸਿਹਤ ਬੀਮਾ ਪਾਲਿਸੀ ਧਾਰਕਾਂ ਲਈ 31 ਅਗਸਤ 2026 ਤੱਕ ਮੁਫ਼ਤ ਓ.ਪੀ.ਡੀ ਸਲਾਹ ਸੇਵਾ ਸ਼ੁਰੂ ਕਰਨ ਦਾ ਐਲਾਨ ਕੀਤਾ ਹੈ। ਹਸਪਤਾਲ ਪ੍ਰਬੰਧਕਾਂ ਅਨੁਸਾਰ ਅਮਨਦੀਪ ਹਸਪਤਾਲ ਸਾਰੀਆਂ ਪ੍ਰਮੁੱਖ ਸਿਹਤ ਬੀਮਾ ਕੰਪਨੀਆਂ ਅਤੇ ਥਰਡ ਪਾਰਟੀ ਐਡਮਿਨਿਸਟ੍ਰੇਟਰ ਨਾਲ ਕੈਸ਼ਲੈਸ ਇਲਾਜ ਲਈ ਸੂਚੀਬੱਧ ਹੈ। ਇਸ ਯੋਜਨਾ ਤਹਿਤ ਸਾਰੇ ਸਿਹਤ ਬੀਮਾ ਧਾਰਕ ਹਸਪਤਾਲ ਵਿੱਚ ਮਾਹਿਰ ਡਾਕਟਰਾਂ ਤੋਂ ਬਿਨਾਂ ਕਿਸੇ ਓ.ਪੀ.ਡੀ ਫੀਸ ਦੇ ਸਲਾਹ ਲੈ ਸਕਣਗੇ। ਇਸ ਨਾਲ ਮਰੀਜ਼ਾਂ ਨੂੰ ਇਲਾਜ ਦੌਰਾਨ ਆਰਥਿਕ ਅਤੇ ਪ੍ਰਸ਼ਾਸਕੀ ਦੋਹਾਂ ਪੱਖੋਂ ਸਹੂਲਤ ਮਿਲੇਗੀ। ਇਸ ਯੋਜਨਾ ਦਾ ਲਾਭ ਲੈਣ ਲਈ ਮਰੀਜ਼ਾਂ ਨੂੰ ਹਸਪਤਾਲ ਆਉਂਦੇ ਸਮੇਂ ਆਪਣੀ ਸਿਹਤ ਬੀਮਾ ਪਾਲਿਸੀ ਜਾਂ ਹੈਲਥ ਕਾਰਡ ਦੀ ਕਾਪੀ ਨਾਲ ਲਿਆਉਣ ਦੀ ਅਪੀਲ ਕੀਤੀ ਗਈ ਹੈ। ਅਮਨਦੀਪ ਹਸਪਤਾਲ ਦੀ ਡਾਇਰੈਕਟਰ ਡਾ: ਅਮਨਦੀਪ ਕੌਰ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਸਿਹਤ ਬੀਮਾ ਹਰ ਪਰਿਵਾਰ ਲਈ ਇੱਕ ਮਹੱਤਵਪੂਰਨ ਸੁਰੱਖਿਆ ਕਵਚ ਬਣ ਚੁੱਕਾ ਹੈ, ਪਰ ਕਈ ਲੋਕ ਇਸ ਦੇ ਲਾਭਾਂ ਦਾ ਪੂਰਾ ਫਾਇਦਾ ਨਹੀਂ ਲੈ ਸਕਦੇ। ਇਸ ਪਹਿਲ ਦਾ ਮਕਸਦ ਲੋਕਾਂ ਨੂੰ ਆਪਣੇ ਸਿਹਤ ਬੀਮੇ ਦੀਆਂ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਪ੍ਰੇਰਿਤ ਕਰਨਾ ਹੈ ਤਾਂ ਜੋ ਉਹ ਬਿਨਾਂ ਕਿਸੇ ਵਾਧੂ ਆਰਥਿਕ ਬੋਝ ਦੇ ਸਮੇਂ ਸਿਰ ਮਾਹਿਰ ਡਾਕਟਰਾਂ ਦੀ ਸਲਾਹ ਲੈ ਸਕਣ ਅਤੇ ਲੋੜ ਪੈਣ ਤੇ ਤੁਰੰਤ ਇਲਾਜ ਵੀ ਸ਼ੁਰੂ ਕਰਵਾ ਸਕਣ। ਉਨ੍ਹਾਂ ਕਿਹਾ ਕਿ ਸਮੇਂ ਸਿਰ ਜਾਂਚ ਅਤੇ ਇਲਾਜ ਨਾਲ ਕਈ ਗੰਭੀਰ ਬਿਮਾਰੀਆਂ ਤੋਂ ਬਚਾਅ ਸੰਭਵ ਹੈ। ਉਨ੍ਹਾਂ ਦੱਸਿਆ ਕਿ ਅਮਨਦੀਪ ਹਸਪਤਾਲ ਅਤੇ ਉਜਾਲਾ ਸਿਗਨਸ ਦੀ ਸਾਂਝ ਰਾਹੀਂ ਮਰੀਜ਼ਾਂ ਨੂੰ ਆਧੁਨਿਕ ਤਕਨਾਲੋਜੀ, ਤਜਰਬੇਕਾਰ ਮਾਹਿਰ ਡਾਕਟਰਾ ਅਤੇ ਉੱਚ ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਦਾ ਲਾਭ ਮਿਲ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243
ਆਵਾਜ਼ਿ ਕੌਮ AWAZE QAUM International Newspaper & WEB TV

ਜੇਲ੍ਹ ਦੀਆਂ ਸੀਖਾਂ ਪਿੱਛੇ ਬੰਦ ਭਾਈ ਜਗਤਾਰ ਸਿੰਘ ਹਵਾਰਾ ਦੀ 2018 ਦੀ ਚਿੱਠੀ ਜਨਤਕ

# ਪੰਥਕ ਏਕਤਾ ਲਈ ਹਉਮੈ ਅਤੇ ਅਹੁਦਿਆਂ ਦਾ ਤਿਆਗ ਕਰਨ ਦੀ ਅਪੀਲ






**ਅੰਮ੍ਰਿਤਸਰ, 2 ਅਗਸਤ (ਆਵਾਜ਼ਿ ਕੌਮ ਬਿਊਰੋ)**-ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਅਤੇ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਸੀਨੀਅਰ ਮੀਤ ਪ੍ਰਧਾਨ ਸਰਦਾਰ ਕਰਨੈਲ ਸਿੰਘ ਪੀਰਮੁਹੰਮਦ ਨੇ ਐਤਵਾਰ ਨੂੰ ਮੀਡੀਆ ਨਾਲ ਗੱਲਬਾਤ ਦੌਰਾਨ ਦੱਸਿਆ ਕਿ ਸਰਬੱਤ ਖ਼ਾਲਸਾ ਵੱਲੋਂ ਥਾਪੇ ਗਏ ਜਥੇਦਾਰ ਭਾਈ ਜਗਤਾਰ ਸਿੰਘ ਹਵਾਰਾ ਵੱਲੋਂ 4 ਦਸੰਬਰ 2018 ਨੂੰ ਲਿਖਿਆ ਇੱਕ ਪੱਤਰ ਜਨਤਕ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੱਤਰ ਵਿੱਚ ਪੰਥਕ ਏਕਤਾ, ਆਪਸੀ ਵਿਸ਼ਵਾਸ ਦੀ ਬਹਾਲੀ ਅਤੇ ਹਉਮੈ ਤਿਆਗਣ ਦਾ ਸੰਦੇਸ਼ ਦਿੱਤਾ ਗਿਆ ਹੈ। ਸਰਦਾਰ ਪੀਰਮੁਹੰਮਦ ਨੇ ਕਿਹਾ ਕਿ ਭਾਈ ਜਗਤਾਰ ਸਿੰਘ ਹਵਾਰਾ ਸਮੇਤ ਬੰਦੀ ਸਿੰਘ ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਹਨ ਅਤੇ ਉਨ੍ਹਾਂ ਦੀ ਰਿਹਾਈ ਲਈ ਕੌਮ ਵੱਲੋਂ ਸਰਕਾਰਾਂ ਅੱਗੇ ਲਗਾਤਾਰ ਅਪੀਲਾਂ, ਧਰਨੇ ਅਤੇ ਮੁਜ਼ਾਹਰੇ ਕੀਤੇ ਜਾ ਰਹੇ ਹਨ, ਪਰ ਅਜੇ ਤੱਕ ਕੋਈ ਢੁੱਕਵਾਂ ਨਤੀਜਾ ਸਾਹਮਣੇ ਨਹੀਂ ਆਇਆ। ਉਨ੍ਹਾਂ ਕਿਹਾ ਕਿ ਅਜਿਹੇ ਹਾਲਾਤ ਵਿੱਚ ਭਾਈ ਹਵਾਰਾ ਦੀਆਂ ਪੰਥਕ ਏਕਤਾ ਸਬੰਧੀ ਭਾਵਨਾਵਾਂ ਹੋਰ ਵੀ ਮਹੱਤਵਪੂਰਨ ਬਣ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਪੱਤਰ ਦਾ ਮੁੱਖ ਸੰਦੇਸ਼ ਇਹ ਹੈ ਕਿ ਜੇਕਰ ਸਰਕਾਰਾਂ ਬੰਦੀ ਸਿੰਘਾਂ ਦੀ ਰਿਹਾਈ ਨਹੀਂ ਕਰ ਰਹੀਆਂ ਤਾਂ ਘੱਟੋ-ਘੱਟ ਪੰਥਕ ਏਕਤਾ ਕਾਇਮ ਕਰਨਾ ਕੌਮ ਦੇ ਆਪਣੇ ਹੱਥ ਵਿੱਚ ਹੈ। ਉਨ੍ਹਾਂ ਅਫ਼ਸੋਸ ਜਤਾਇਆ ਕਿ ਕਈ ਸਾਲ ਬੀਤ ਜਾਣ ਦੇ ਬਾਵਜੂਦ ਵੀ ਪੰਥਕ ਸਫ਼ਾਂ ਵਿੱਚ ਆਪਸੀ ਅਵਿਸ਼ਵਾਸ ਅਤੇ ਧੜੇਬੰਦੀ ਦਾ ਮਾਹੌਲ ਕਾਇਮ ਹੈ। ਸਰਦਾਰ ਪੀਰਮੁਹੰਮਦ ਨੇ ਦੱਸਿਆ ਕਿ ਭਾਈ ਜਗਤਾਰ ਸਿੰਘ ਹਵਾਰਾ ਨੇ ਆਪਣੇ ਪੱਤਰ ਵਿੱਚ ਲਿਖਿਆ ਸੀ ਕਿ ਕਿਸੇ ਵੀ ਸਾਂਝੇ ਮਕਸਦ ਦੀ ਪੂਰਤੀ ਲਈ ਹਉਮੈ ਛੱਡ ਕੇ ਤਿਆਗ ਦੀ ਭਾਵਨਾ ਨਾਲ ਅੱਗੇ ਆਉਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਅੱਜ ਲੋੜ ਇਸ ਗੱਲ ਦੀ ਹੈ ਕਿ ਸਮੁੱਚੀਆਂ ਪੰਥਕ ਜਥੇਬੰਦੀਆਂ, ਧਾਰਮਿਕ ਆਗੂ ਅਤੇ ਵੱਖ-ਵੱਖ ਧਿਰਾਂ ਨਿੱਜੀ ਅਹੁਦਿਆਂ ਅਤੇ ਵਜੂਦ ਦੇ ਮੋਹ ਤੋਂ ਉੱਪਰ ਉੱਠ ਕੇ ਇੱਕ ਮੰਚ 'ਤੇ ਇਕੱਠੀਆਂ ਹੋਣ ਅਤੇ ਸਿਰਫ਼ ਬਿਆਨਬਾਜ਼ੀ ਦੀ ਬਜਾਏ ਆਪਸੀ ਵਿਸ਼ਵਾਸ ਬਹਾਲ ਕਰਨ ਲਈ ਠੋਸ ਅਤੇ ਅਮਲੀ ਕਾਰਜ-ਯੋਜਨਾ ਤਿਆਰ ਕਰਨ। ਉਨ੍ਹਾਂ ਕਿਹਾ ਕਿ ਬੰਦੀ ਸਿੰਘਾਂ ਦੀਆਂ ਕੁਰਬਾਨੀਆਂ ਦਾ ਸਹੀ ਸਤਿਕਾਰ ਉਸੇ ਵੇਲੇ ਸੰਭਵ ਹੈ ਜਦੋਂ ਕੌਮ ਅੰਦਰੂਨੀ ਤੌਰ 'ਤੇ ਮਜ਼ਬੂਤ, ਸੰਗਠਿਤ ਅਤੇ ਏਕਜੁੱਟ ਹੋਵੇ। ਉਨ੍ਹਾਂ ਇਹ ਵੀ ਕਿਹਾ ਕਿ ਉਹ ਭਾਈ ਜਗਤਾਰ ਸਿੰਘ ਹਵਾਰਾ ਦੇ ਇਸ ਸੰਦੇਸ਼ ਨੂੰ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਉਣ ਲਈ ਵਚਨਬੱਧ ਹਨ ਤਾਂ ਜੋ ਪੰਥਕ ਏਕਤਾ ਦਾ ਨਵਾਂ ਦੌਰ ਸ਼ੁਰੂ ਹੋ ਸਕੇ। ਉਨ੍ਹਾਂ ਇਹ ਵੀ ਦੱਸਿਆ ਕਿ ਇਹ ਪੱਤਰ ਭਾਈ ਜਗਤਾਰ ਸਿੰਘ ਹਵਾਰਾ ਵੱਲੋਂ ਸਰਦਾਰ ਕਰਨੈਲ ਸਿੰਘ ਪੀਰਮੁਹੰਮਦ ਦੇ ਅਸਤੀਫ਼ੇ ਤੋਂ ਬਾਅਦ ਪੰਥਕ ਲੇਖਕ ਭਾਈ ਬਲਜੀਤ ਸਿੰਘ ਖਾਲਸਾ ਅਤੇ ਬੀਬੀ ਸੰਦੀਪ ਕੌਰ ਕਾਸਤੀਵਾਲ, ਸੰਚਾਲਕ ਸ਼ਹੀਦ ਭਾਈ ਧਰਮ ਸਿੰਘ ਖਾਲਸਾ ਟਰੱਸਟ, ਨੂੰ ਮੁਲਾਕਾਤ ਦੌਰਾਨ ਸੌਂਪਿਆ ਗਿਆ ਸੀ।




ਆਵਾਜ਼ਿ ਕੌਮ AWAZE QAUM International Newspaper & WEB TV

## ਗੁਰਦੁਆਰਾ ਕਲਗੀਧਰ ਵਿਖੇ 9 ਅਗਸਤ ਨੂੰ ਸ਼ਰਧਾਪੂਰਵਕ ਮਨਾਇਆ ਜਾਵੇਗਾ ਸ਼੍ਰੀ ਗੁਰੂ ਹਰਿ ਕ੍ਰਿਸ਼ਨ ਸਾਹਿਬ ਜੀ ਦਾ ਅਵਤਾਰ ਦਿਹਾੜਾ

**ਫ਼ਿਰੋਜ਼ਪੁਰ, 02 ਅਗਸਤ (ਮਨੋਹਰ ਲਾਲ) :—** ਬਾਲਾ ਪ੍ਰੀਤਮ ਸਾਹਿਬ ਸ਼੍ਰੀ ਗੁਰੂ ਹਰਿ ਕ੍ਰਿਸ਼ਨ ਸਾਹਿਬ ਜੀ ਦਾ ਅਵਤਾਰ ਦਿਹਾੜਾ ਮਿਤੀ 9 ਅਗਸਤ ਦਿਨ ਐਤਵਾਰ ਦੀ ਰਾਤ ਨੂੰ ਗੁਰਦੁਆਰਾ ਕਲਗੀਧਰ ਮੁਹੱਲਾ ਬਾਵਾ ਫ਼ਿਰੋਜ਼ਪੁਰ ਸ਼ਹਿਰ ਵਿਖੇ ਬਹੁਤ ਹੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਜਾ ਰਹਾ ਹੈ। ਇਸ ਧਾਰਮਿਕ ਸਮਾਗਮ ਸਬੰਧੀ ਜਾਣਕਾਰੀ ਦਿੰਦਿਆਂ ਜਨਰਲ ਸਕੱਤਰ ਸਵਰਨ ਸਿੰਘ ਸੁਹਾਨਾ ਨੇ ਦੱਸਿਆ ਕਿ ਅਵਤਾਰ ਦਿਹਾੜੇ ਦੇ ਸਬੰਧ ਵਿੱਚ ਵਿਸ਼ੇਸ਼ ਗੁਰਮਤਿ ਸਮਾਗਮ (ਦੀਵਾਨ) ਸਜਾਏ ਜਾਣਗੇ। ਇਸ ਸਮਾਗਮ ਵਿੱਚ ਸੰਗਤਾਂ ਨੂੰ ਧੁਰ ਕੀ ਬਾਣੀ ਨਾਲ ਜੋੜਨ ਲਈ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਰਾਗੀ ਜਥੇ ਪਹੁੰਚ ਰਹੇ ਹਨ। ਸਮਾਗਮ ਦੌਰਾਨ ਭਾਈ ਅਸ਼ਪਾਲ ਸਿੰਘ, ਗੁਰਦੁਆਰਾ ਜਾਮਨੀ ਸਾਹਿਬ ਤੋਂ ਭਾਈ ਸੁਖਵਿੰਦਰ ਸਿੰਘ (ਕਥਾ ਵਾਚਕ) ਅਤੇ ਸ਼੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਬਰਤੋੜ ਸਿੰਘ ਆਪਣੀਆਂ ਹਾਜ਼ਰੀਆਂ ਭਰਨਗੇ। ਇਹ ਰਾਗੀ ਅਤੇ ਪ੍ਰਚਾਰਕ ਜਥੇ ਮਨੋਹਰ ਕੀਰਤਨ ਅਤੇ ਗੁਰਮਤਿ ਵਿਚਾਰਾਂ ਰਾਹੀਂ ਆਈਆਂ ਸਮੂਹ ਸੰਗਤਾਂ ਨੂੰ ਨਿਹਾਲ ਕਰਨਗੇ। ਧਾਰਮਿਕ ਦੀਵਾਨਾਂ ਦੀ ਸਮਾਪਤੀ ਤੋਂ ਬਾਅਦ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ। ਪ੍ਰਬੰਧਕਾਂ ਅਤੇ ਜਨਰਲ ਸਕੱਤਰ ਸਵਰਨ ਸਿੰਘ ਸੁਹਾਨਾ ਵਲੋਂ ਸਮੂਹ ਇਲਾਕਾ ਨਿਵਾਸੀਆਂ ਅਤੇ ਸੰਗਤਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬ ਵਿਖੇ ਪਹੁੰਚ ਕੇ ਗੁਰੂ ਸਾਹਿਬ ਦੀਆਂ ਖ਼ੁਸ਼ੀਆਂ ਅਤੇ ਅਸੀਸਾਂ ਪ੍ਰਾਪਤ ਕਰਨ।



ਆਵਾਜ਼ਿ ਕੌਮ AWAZE QAUM International Newspaper & WEB TV

## 40 ਸਾਲਾਂ ਤੋਂ ਨਿਸ਼ਕਾਮ ਮਾਨਵ ਸੇਵਾ ਚ ਜੁਟੇ ਜਗਦੀਸ਼ ਕੁਮਾਰ, ਦੇਸੀ ਜੜ੍ਹੀ ਬੂਟੀਆਂ ਨਾਲ ਮੁਫ਼ਤ ਕਰ ਰਹੇ ਨੇ ਗੰਭੀਰ ਬੀਮਾਰੀਆਂ ਦਾ ਇਲਾਜ

ਫ਼ਿਰੋਜ਼ਪੁਰ, 02 ਅਗਸਤ (ਮਨੋਹਰ ਲਾਲ) :— ਅੱਜ ਦੇ ਮਸ਼ੀਨੀ ਅਤੇ ਵਪਾਰਕ ਯੁੱਗ ਵਿੱਚ ਜਿਥੇ ਇਲਾਜ ਬਹੁਤ ਮਹਿੰਗਾ ਹੋ ਚੁੱਕਾ ਹੈ, ਉੱਥੇ ਹੀ ਫਿਰੋਜ਼ਪੁਰ ਸ਼ਹਿਰ ਦੇ ਮੁਲਤਾਨੀ ਗੇਟ ਰੇਲਵੇ ਫਾਟਕ ਕੋਲ ਸਥਿਤ ਇੱਕ ਖੋਖੇ ਤੋਂ ਚੱਲ ਰਹੀ ਨਿਸ਼ਕਾਮ ਸੇਵਾ ਮਾਨਵਤਾ ਦੀ ਇੱਕ ਮਿਸਾਲ ਬਣ ਕੇ ਸਾਹਮਣੇ ਆ ਰਹੀ ਹੈ। ਪਿਛਲੇ 40 ਸਾਲਾਂ ਤੋਂ ਜਗਦੀਸ਼ ਕੁਮਾਰ ਪੁੱਤਰ ਮੀਹਾ ਲਾਲ ਆਪਣੇ ਪੁਸ਼ਤੈਨੀ ਗਿਆਨ ਅਤੇ ਦੇਸੀ ਜੜ੍ਹੀ ਬੂਟੀਆਂ ਰਾਹੀਂ ਹਰ ਤਰ੍ਹਾਂ ਦੀਆਂ ਬੀਮਾਰੀਆਂ ਦਾ ਮੁਫ਼ਤ ਇਲਾਜ ਕਰ ਰਹੇ ਹਨ। ਗੱਲਬਾਤ ਕਰਦਿਆਂ ਜਗਦੀਸ਼ ਕੁਮਾਰ ਨੇ ਦੱਸਿਆ ਕਿ ਇਹ ਸੇਵਾ ਕਾਰਜ ਉਨ੍ਹਾਂ ਦੇ ਪਰਿਵਾਰ ਦੀਆਂ ਤਿੰਨ ਪੀੜ੍ਹੀਆਂ ਤੋਂ ਲਗਾਤਾਰ ਚੱਲਦਾ ਆ ਰਿਹਾ ਹੈ। ਉਨ੍ਹਾਂ ਦੇ ਪਿਤਾ ਜੀ ਵੀ ਇਹ ਸੇਵਾ ਕਰਦੇ ਸਨ ਅਤੇ ਹੁਣ ਉਨ੍ਹਾਂ ਦਾ ਲੜਕਾ ਰਾਹੁਲ ਅਤੇ ਹੋਰ ਸਮਾਜ ਸੇਵੀ ਸਾਥੀ ਵੀ ਇਸ ਕਾਰਜ ਵਿੱਚ ਉਨ੍ਹਾਂ ਦਾ ਪੂਰਾ ਸਾਥ ਦੇ ਰਹੇ ਹਨ। ਇੱਥੇ ਰੋਜ਼ਾਨਾ ਸਵੇਰ ਤੋਂ ਹੀ ਇਲਾਜ ਕਰਵਾਉਣ ਵਾਲੇ ਮਰੀਜ਼ਾਂ ਦੀਆਂ ਲੰਮੀਆਂ ਲੰਮੀਆਂ ਲਾਈਨਾਂ ਲੱਗ ਜਾਂਦੀਆਂ ਹਨ। ਆਪਣੇ ਇਲਾਜ ਦੇ ਤਰੀਕੇ ਬਾਰੇ ਜਾਣਕਾਰੀ ਦਿੰਦਿਆਂ ਜਗਦੀਸ਼ ਕੁਮਾਰ ਨੇ ਦੱਸਿਆ ਕਿ ਇਹ ਦਵਾਈਆਂ ਤਿਆਰ ਕਰਨ ਲਈ ਉਨ੍ਹਾਂ ਨੂੰ ਜੰਗਲਾਂ, ਨਹਿਰਾਂ ਦੇ ਕੰਢਿਆਂ ਅਤੇ ਸੁੰਨਸਾਨ ਜਗ੍ਹਾ ਤੇ ਜਾਣਾ ਪੈਂਦਾ ਹੈ। ਸੰਘਣੀਆਂ ਝਾੜੀਆਂ ਵਿੱਚੋਂ ਜੜ੍ਹੀ ਬੂਟੀਆਂ ਲੱਭਣ ਸਮੇਂ ਕਈ ਵਾਰ ਜ਼ਿਹਰੀਲੇ ਸੱਪਾਂ ਅਤੇ ਹੋਰ ਖ਼ਤਰਨਾਕ ਜੀਵਾਂ ਦਾ ਵੀ ਸਾਹਮਣਾ ਕਰਨਾ ਪੈਂਦਾ ਹੈ, ਪਰ ਮਾਨਵ ਸੇਵਾ ਦੇ ਜਜ਼ਬੇ ਅੱਗੇ ਉਹ ਇਹਨਾਂ ਸਾਰੇ ਖ਼ਤਰਿਆਂ ਦੀ ਪਰਵਾਹ ਨਹੀਂ ਕਰਦੇ। ਗੱਲਬਾਤ ਦੌਰਾਨ ਜਗਦੀਸ਼ ਕੁਮਾਰ ਨੇ ਆਪਣੇ ਦਰਦ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਜਦੋਂ ਮਰੀਜ਼ ਉਨ੍ਹਾਂ ਕੋਲੋਂ ਠੀਕ ਹੋ ਕੇ ਜਾਂਦੇ ਹਨ, ਤਾਂ ਕਈ ਡਾਕਟਰ ਉਨ੍ਹਾਂ ਨਾਲ ਲੜਾਈ ਝਗੜਾ ਵੀ ਕਰਦੇ ਹਨ। ਕੁਝ ਲੋਕ ਇਹ ਦੋਸ਼ ਲਗਾਉਂਦੇ ਹਨ ਕਿ ਮੁਫ਼ਤ ਦਵਾਈਆਂ ਦੇ ਕੇ ਉਹ ਉਨ੍ਹਾਂ ਦੀ ਰੋਜ਼ੀ ਰੋਟੀ ਤੇ ਸੱਟ ਮਾਰ ਰਹੇ ਹਨ ਪਰ ਇਸ ਵਿਰੋਧ ਅਤੇ ਰੁਕਾਵਟਾਂ ਦੇ ਬਾਵਜੂਦ ਉਨ੍ਹਾਂ ਨੇ ਮਾਨਵਤਾ ਦੀ ਸੇਵਾ ਦਾ ਰਸਤਾ ਨਹੀਂ ਛੱਡਿਆ। ਅਖ਼ੀਰ ਵਿੱਚ ਜਗਦੀਸ਼ ਕੁਮਾਰ ਨੇ ਸਮੂਹ ਸੰਗਤਾਂ, ਬਜ਼ੁਰਗਾਂ, ਨੌਜਵਾਨਾਂ ਅਤੇ ਭੈਣ ਭਰਾਵਾਂ ਨੂੰ ਸੁਨੇਹਾ ਦਿੰਦਿਆਂ ਕਿਹਾ ਕਿ ਜੇਕਰ ਕਿਸੇ ਨੂੰ ਵੀ ਟਾਈਫਾਈਡ, ਲਿਵਰ ਦੀ ਖਰਾਬੀ (ਫੈਟੀ ਲਿਵਰ), ਪੀਲੀਆ, ਕਾਲਾ ਪੀਲੀਆ, ਬਵਾਸੀਰ, ਬਲੱਡ ਪ੍ਰੈਸ਼ਰ ਦਾ ਵਧਣਾ ਜਾਂ ਘਟਣਾ ਵਰਗੀ ਕੋਈ ਵੀ ਸਮੱਸਿਆ ਹੋਵੇ ਤਾਂ ਉਹ ਬਿਨਾਂ ਕਿਸੇ ਝਿਜਕ ਦੇ ਮੁਲਤਾਨੀ ਗੇਟ ਰੇਲਵੇ ਫਾਟਕ ਫਿਰੋਜ਼ਪੁਰ ਸ਼ਹਿਰ ਕੋਲ ਆ ਕੇ ਮੁਫ਼ਤ ਦਵਾਈ ਪ੍ਰਾਪਤ ਕਰ ਸਕਦੇ ਹਨ।



ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਮਾਨਸੂਨ ਸਿਹਤ ਜਾਗਰੂਕਤਾ ਮੁਹਿੰਮ ਤਹਿਤ

# ਛਤਰੀਆਂ, ਪਾਣੀ ਦੀਆਂ ਬੋਤਲਾਂ ਅਤੇ ਮੱਛਰ ਭਜਾਉਣ ਵਾਲੀ ਕ੍ਰੀਮ ਵੰਡੀ




**ਚੌਕ ਮਹਿਤਾ, 2 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਾਨਸੂਨ ਦੌਰਾਨ ਬੱਚਿਆਂ, ਦਿਹਾੜੀਦਾਰ ਮਜ਼ਦੂਰਾਂ ਅਤੇ ਝੁੱਗੀ-ਝੌਂਪੜੀਆਂ ਵਿੱਚ ਰਹਿਣ ਵਾਲੀਆਂ ਮਹਿਲਾਵਾਂ ਦੀ ਸਿਹਤ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਗੁਰੂ ਨਾਨਕ ਗੀਤਾ ਕੈਲਾਸ਼ ਮੈਮੋਰੀਅਲ ਫਾਊਂਡੇਸ਼ਨ ਵੱਲੋਂ ਵਿਸ਼ੇਸ਼ ਸਿਹਤ ਜਾਗਰੂਕਤਾ ਮੁਹਿੰਮ ਸ਼ੁਰੂ ਕੀਤੀ ਗਈ ਹੈ। ਪੀਜੀਆਈ ਦੇ ਡਾ. ਸੰਤੋਸ਼ ਕੁਮਾਰ ਨੇ ਦੱਸਿਆ ਕਿ ਇਸ ਮੁਹਿੰਮ ਦਾ ਉਦੇਸ਼ ਬਰਸਾਤ ਦੇ ਮੌਸਮ ਵਿੱਚ ਤੇਜ਼ੀ ਨਾਲ ਫੈਲਣ ਵਾਲੀਆਂ ਬਿਮਾਰੀਆਂ ਜਿਵੇਂ ਡੇਂਗੂ, ਮਲੇਰੀਆ, ਟਾਇਫਾਇਡ ਅਤੇ ਹੈਜ਼ਾ ਤੋਂ ਬਚਾਅ ਲਈ ਲੋਕਾਂ ਨੂੰ ਜਾਗਰੂਕ ਕਰਨਾ ਹੈ। ਇਸ ਦੇ ਨਾਲ ਹੀ ਸਰੀਰ ਵਿੱਚ ਪਾਣੀ ਦੀ ਕਮੀ (ਡੀਹਾਈਡਰੇਸ਼ਨ) ਤੋਂ ਬਚਾਅ ਬਾਰੇ ਵੀ ਲੋਕਾਂ ਨੂੰ ਜਾਣਕਾਰੀ ਦਿੱਤੀ ਜਾ ਰਹੀ ਹੈ। ਮੁਹਿੰਮ ਤਹਿਤ ਨਿਊ ਚੰਡੀਗੜ੍ਹ ਵਿੱਚ ਲੋੜਵੰਦ ਬੱਚਿਆਂ ਅਤੇ ਦਿਹਾੜੀਦਾਰ ਮਜ਼ਦੂਰਾਂ ਨੂੰ 250 ਛਤਰੀਆਂ, 500 ਓਡੋਮੋਸ (ਮੱਛਰ ਭਜਾਉਣ ਵਾਲੀ ਕ੍ਰੀਮ) ਅਤੇ ਸੁਰੱਖਿਅਤ ਪੀਣ ਵਾਲੇ ਪਾਣੀ ਅਤੇ ਡੀਹਾਈਡਰੇਸ਼ਨ ਤੋਂ ਬਚਾਅ ਲਈ 200 ਪਾਣੀ ਦੀਆਂ ਬੋਤਲਾਂ ਵੰਡੀਆਂ ਗਈਆਂ। ਇਸ ਮੌਕੇ ਫਾਊਂਡੇਸ਼ਨ ਦੇ ਨੁਮਾਇੰਦਿਆਂ ਨੇ ਲੋਕਾਂ ਨੂੰ ਮੱਛਰਾਂ ਤੋਂ ਬਚਾਅ ਲਈ ਮੱਛਰਦਾਨੀ ਅਤੇ ਮੱਛਰ ਭਜਾਉਣ ਵਾਲੀ ਕ੍ਰੀਮ ਦੀ ਵਰਤੋਂ ਕਰਨ, ਪੂਰੀ ਬਾਂਹਾਂ ਵਾਲੇ ਕੱਪੜੇ ਪਹਿਨਣ ਅਤੇ ਘਰਾਂ ਜਾਂ ਆਲੇ-ਦੁਆਲੇ ਕਿਤੇ ਵੀ ਪਾਣੀ ਇਕੱਠਾ ਨਾ ਹੋਣ ਦੇਣ ਦੀ ਅਪੀਲ ਕੀਤੀ। ਉਨ੍ਹਾਂ ਨੇ ਟਾਇਫਾਇਡ, ਹੈਜ਼ਾ ਅਤੇ ਡੀਹਾਈਡਰੇਸ਼ਨ ਤੋਂ ਬਚਾਅ ਲਈ ਸਿਰਫ਼ ਸਾਫ਼, ਉਬਲਿਆ ਜਾਂ ਫਿਲਟਰ ਕੀਤਾ ਪਾਣੀ ਪੀਣ, ਬਾਸੀ ਅਤੇ ਖੁੱਲ੍ਹਾ ਖਾਣਾ ਖਾਣ ਤੋਂ ਪਰਹੇਜ਼ ਕਰਨ ਅਤੇ ਖਾਣਾ ਖਾਣ ਤੋਂ ਪਹਿਲਾਂ ਤੇ ਸ਼ੌਚ ਤੋਂ ਬਾਅਦ ਸਾਬਣ ਨਾਲ ਹੱਥ ਧੋਣ ਦਾ ਵੀ ਸੰਦੇਸ਼ ਦਿੱਤਾ। ਫਾਊਂਡੇਸ਼ਨ ਨੇ ਕਿਹਾ ਕਿ ਸੰਸਥਾ ਸਮਾਜ ਦੇ ਕਮਜ਼ੋਰ ਵਰਗਾਂ, ਖ਼ਾਸ ਕਰਕੇ ਗਰੀਬ ਬੱਚਿਆਂ, ਦਿਹਾੜੀਦਾਰ ਮਜ਼ਦੂਰਾਂ ਅਤੇ ਮਹਿਲਾਵਾਂ ਦੀ ਸਿਹਤ ਦੀ ਰੱਖਿਆ ਲਈ ਲਗਾਤਾਰ ਕੰਮ ਕਰ ਰਹੀ ਹੈ। ਸੰਸਥਾ ਦਾ ਵਿਸ਼ਵਾਸ ਹੈ ਕਿ ਲੋੜੀਂਦੀ ਸਿਹਤ ਸਮੱਗਰੀ ਦੀ ਵੰਡ ਅਤੇ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਕੇ ਮਾਨਸੂਨ ਦੌਰਾਨ ਫੈਲਣ ਵਾਲੀਆਂ ਗੰਭੀਰ ਬਿਮਾਰੀਆਂ ਅਤੇ ਡੀਹਾਈਡਰੇਸ਼ਨ ਦੇ ਖ਼ਤਰੇ ਨੂੰ ਕਾਫ਼ੀ ਹੱਦ ਤੱਕ ਘਟਾਇਆ ਜਾ ਸਕਦਾ ਹੈ।

## ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਾਂ 'ਤੇ

# ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ ਨੂੰ ਸੌਂਪਿਆ ਮੰਗ ਪੱਤਰ



ਜੰਡਿਆਲਾ ਗੁਰੂ 2 ਅਗਸਤ ( ਕੁਲਵੰਤ ਸਿੰਘ ਵਿਰਦੀ ) ਸ਼੍ਰੀ ਗੁਰੂ ਰਾਮਦਾਸ ਜੀ ਸੇਵਾ ਸੋਸਾਇਟੀ ਰਜਿ.ਪਿੰਡ ਵਡਾਲੀ ਡੋਗਰਾਂ ਬਲਾਕ ਜੰਡਿਆਲਾ ਗੁਰੂ, ਜ਼ਿਲ੍ਹਾ ਸ਼੍ਰੀ ਅੰਮ੍ਰਿਤਸਰ ਸਾਹਿਬ, ਦੇ ਮੁੱਖ ਸੇਵਾਦਾਰ ਭਾਈ ਸਾਹਿਬ ਸਿੰਘ ਸੰਧੂ ਦੀ ਅਗਵਾਈ ਵਿੱਚ ਲੋਕ ਨਿਰਮਾਣ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ ਨੂੰ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੇ ਨਾ ਤੇ ਇਕ ਮੰਗ ਪੱਤਰ ਸੌਂਪਿਆ ਜਿਸ ਵਿੱਚ ਮੰਗ ਕੀਤੀ ਗਈ ਹੈ ਕਿ ਅਗਸਤ 2026 ਵਿੱਚ ਜਿਹੜਾ ਵਿਧਾਨ ਸਭਾ ਦਾ ਸੈਸ਼ਨ ਬੁਲਾਇਆ ਗਿਆ ਹੈ। ਉਸ ਵਿੱਚ ਪੰਜਾਬ ਦੇ ਵਿੱਚ ਰੁੱਖਾਂ ਦੀ ਹੋ ਰਹੀ ਕਟਾਈ ਨੂੰ ਰੋਕਣ ਲਈ ਸਪੈਸ਼ਲ ਮਤਾ ਪਾਸ ਕੀਤਾ ਜਾਵੇ। ਅੱਗੇ ਉਨਾਂ ਕਿਹਾ ਕਿ ਪੰਜਾਬ ਵਿੱਚ ਇੰਨੇ ਰੁੱਖ ਲੱਗ ਨਹੀਂ ਰਹੇ ਜਿੰਨੇ ਰੁੱਖਾਂ ਦੀ ਕਟਾਈ ਹੋ ਰਹੀ ਹੈ। ਜਿਸ ਤਰ੍ਹਾਂ ਆਪ ਨੇ ਪੰਜਾਬ ਦੇ ਤਿੰਨ ਸ਼ਹਿਰਾਂ ਨੂੰ ਪਵਿੱਤਰ ਸ਼ਹਿਰਾਂ ਦਾ ਦਰਜਾ ਦਿੱਤਾ ਤੇ ਸਖਤੀ ਲਾਗੂ ਕੀਤੀ ਹੈ ਉਵੇਂ ਹੀ ਰੁੱਖਾਂ ਦੀ ਕਟਾਈ ਤੇ ਵੀ ਰੋਕ ਲਗਾ ਕਿ ਸਖਤੀ ਕੀਤੀ ਜਾਵੇ। ਪੰਜਾਬ ਦੀਆਂ ਨਹਿਰਾਂ , ਸੂਏ, ਸੜਕਾਂ ਦੇ ਸਾਈਡਾਂ ਤੇ, ਪੰਚਾਇਤੀ ਜਮੀਨਾਂ ਦੇ ਕਬਜ਼ੇ ਛੁਡਵਾ ਕੇ ਉੱਥੇ ਰੁੱਖ ਲਗਾਏ ਜਾਣ। ਜਿਹੜੇ ਲੋਕ ਰੁੱਖ ਉਜਾੜਦੇ ਹਨ ਉਹਨਾਂ ਨੂੰ ਭਾਰੀ ਜੁਰਮਾਨਾ ਅਤੇ ਸਜ਼ਾ ਦਿੱਤੀ ਜਾਵੇ। ਇਹ ਚਿੱਠੀ ਸਾਡੇ ਹਲਕਾ ਵਿਧਾਇਕ ਅਤੇ ਕੈਬਨਿਟ ਮੰਤਰੀ ਸਰਦਾਰ ਹਰਭਜਨ ਸਿੰਘ ਜੀ ਈਟੀਓ ਦੁਆਰਾ ਆਪ ਜੀ ਨੂੰ ਭੇਜੀ ਜਾ ਰਹੀ ਹੈ। ਇਸ ਮੌਕੇ ਸੋਸਾਇਟੀ ਦੇ ਸਰਪ੍ਰਸਤ ਡਾ.ਪਰਮਜੀਤ ਸਿੰਘ ਪੰਨੂ, ਸੋਸਾਇਟੀ ਦੇ ਮੁੱਖ ਸੇਵਾਦਾਰ ਭਾਈ ਸਾਹਿਬ ਸਿੰਘ ਸੰਧੂ, ਸਰਪੰਚ ਮੰਗਲ ਸਿੰਘ ਪਿੰਡ ਫਤਿਹਪੁਰ ਰਾਜਪੂਤ, ਸਰਪੰਚ ਜਗਜੀਤ ਸਿੰਘ ਵਡਾਲਾ ਜੋਹਲ , ਸੰਦੀਪ ਸਿੰਘ ਮੋਜੀ , ਸਰਪੰਚ ਸਾਹਿਬ ਸਿੰਘ ਪਿੰਡ ਮਲਕਪੁਰ, ਇਸ ਮੌਕੇ ਤੇ ਸੁਸਾਇਟੀ ਦੇ ਖਜਾਨਚੀ ਦਵਿੰਦਰਪਾਲ ਸਿੰਘ ਗੋਰਾ , ਜਰਨਲ ਸਕੱਤਰ ਜੋਬਨਬੀਰ ਸਿੰਘ ਵਡਾਲੀ, ਸਕੱਤਰ ਗੁਰਜੀਤ ਸਿੰਘ, ਸਲਾਹਕਾਰ ਹੀਰਾ ਸਿੰਘ, ਗੁਰਪ੍ਰੀਤ ਸਿੰਘ, ਸੁਸਾਇਟੀ ਦੇ ਮੈਂਬਰ ਸੰਦੀਪ ਸਿੰਘ, ਗੁਰਸੇਵਕ ਸਿੰਘ ਆਦਿ ਹਾਜ਼ਰ ਸਨ।

**ਰੁੱਖਾਂ ਦੀ ਕਟਾਈ ਨੂੰ ਰੋਕਣ ਲਈ ਤੇ ਰੁੱਖਾਂ ਨੂੰ ਉਜਾੜਨ ਵਾਲਿਆਂ ਨੂੰ ਸਖਤ ਕਾਨੂੰਨ ਤਹਿਤ ਸਜਾ ਤੇ ਭਾਰੀ ਜੁਰਮਾਨਾ ਕੀਤਾ ਜਾਵੇ**

# ਟਰੱਸਟ ਸਦਾਵਰਤ ਪੰਚਾਇਤੀ ਨੇ 101 ਗਰੀਬ ਲੋੜਵੰਦ ਔਰਤਾਂ ਨੂੰ ਵੰਡਿਆ ਰਾਸ਼ਨ



ਫ਼ਿਰੋਜ਼ਪੁਰ, 02 ਅਗਸਤ (ਮਨੋਹਰ ਲਾਲ) :– ਟਰਸਟ ਸਦਾ ਵਰਤ ਪੰਚਾਇਤੀ ਵੱਲੋਂ 101 ਗਰੀਬ ਲੋੜਵੰਦ ਵਿਧਵਾਵਾ ਨੂੰ ਹਰ ਮਹੀਨੇ ਦੀ ਤਰਾ ਇਸ ਵਾਰ ਵੀ ਰਾਸ਼ਨ ਵੰਡਿਆ ਇਸ ਮੌਕੇ ਤੇ ਟਰਸੱਟ ਸਦਾਵਰਤ ਪੰਚਾਇਤੀ ਦੇ ਪ੍ਰਧਾਨ ਅਸ਼ਵਨੀ ਮੋਗਾ ਜਨਰਲ ਸਕੱਤਰ ਪੀ.ਸੀ ਕੁਮਾਰ ਕੈਸ਼ੀਅਰ ਓਮ ਪ੍ਰਕਾਸ਼, ਡੀ.ਕੇ ਬਜਾਜ, ਰੰਜਨੀਸ ਕਪੂਰ ਸਾਬਕਾ ਮੈਨੇਜਰ ਪੰਜਾਬ ਨੈਸ਼ਨਲ ਬੈਂਕ ਮਦਨ ਲਾਲ ਆਗੂ ਹਾਜ਼ਰ ਸਨ। ਇਸ ਮੌਕੇ ਤੇ ਸਭ ਤੋਂ ਪਹਿਲਾਂ 1914 ਵਿੱਚ ਇਹ ਟੱਰਸਟ ਬਣਾਇਆ ਉਨ੍ਹਾਂ ਮਹਾਨ ਆਤਮਾਵਾਂ ਦੀ ਭਰਪੂਰ ਸਲਾਘਾ ਕੀਤੀ ਅਤੇ ਕਿਹਾ ਕਿ ਕੁਝ ਦਾਨੀ ਸੱਜਣਾਂ ਨੇ ਜਦੋਂ ਫਿਰੋਜ਼ਪੁਰ ਸ਼ਹਿਰ ਵਿੱਚ 1914 ਵਿੱਚ ਕਾਲ ਪੈ ਗਿਆ ਤਾਂ ਕੁਝ ਦਾਨੀ ਸੱਜਣਾਂ ਨੇ ਇਕੱਠੇ ਹੋ ਕੇ ਆਪਣੀਆਂ ਜਾਇਦਾਦਾ, ਪੈਸਾ ਜਮੀਨ ਟਰੱਸਟ ਦੇ ਨਾਮ ਤੇ ਕਰ ਦਿੱਤੀ ਅਤੇ 1914 ਤੋਂ ਲੈ ਕੇ ਹੁਣ ਤੱਕ ਇਹ ਸੰਸਥਾ ਗਰੀਬ ਲੋੜਵੰਦ ਪਰਿਵਾਰਾਂ ਦੀ ਰਾਸ਼ਨ ਅਤੇ ਗਰੀਬ ਬੱਚਿਆਂ ਨੂੰ ਕਿਤਾਬਾਂ ਕਾਪੀਆਂ ਫੀਸਾਂ ਦੇ ਰਹੀ ਹੈ। ਇਸ ਤੋਂ ਇਲਾਵਾ ਸਿਵਲ ਹਸਪਤਾਲਾਂ ਵਿੱਚ ਮਰੀਜ਼ਾਂ ਨੂੰ ਮੁਫਤ ਦਵਾਈਆਂ ਲੈ ਕੇ ਦਿੱਤੀਆਂ ਜਾਂਦੀਆਂ ਹਨ ਇਸ ਤੋਂ ਇਲਾਵਾ ਕੁਦਰਤੀ ਆਫਤਾਂ ਵਿੱਚ ਸਰਕਾਰ ਨਾਲ ਮੋਢੇ ਨਾਲ ਮੋਢਾ ਲਾ ਕੇ ਖੜਦੀ ਹੈ। ਇਸ ਮੌਕੇ ਤੇ ਪ੍ਰਧਾਨ ਅਸ਼ਵਨੀ ਮੋਗਾ ਨੇ ਬੋਲਦਿਆ ਕਿਹਾ ਕਿ ਸਾਡੀ ਇੱਕੋ ਇੱਕ ਸੰਸਥਾ ਹੈ ਜੋ ਹਰ ਵੇਲੇ ਲੋੜਵੰਦ ਪਰਿਵਾਰਾਂ ਨਾਲ ਖੜਦੀ ਹੈ ਅਤੇ ਸਮਾਜ ਵਿੱਚ ਆਪਣਾ ਅਹਿਮ ਰੋਲ ਨਿਭਾ ਰਹੀ ਹੈ। ਇਸ ਮੌਕੇ ਤੇ ਪੀ.ਸੀ ਕੁਮਾਰ ਨੇ ਬੋਲਦਿਆਂ ਕਿਹਾ ਕਿ ਮਨੁੱਖਤਾ ਦੀ ਸੇਵਾ ਇੱਕ ਸੱਚੀ ਸੁੱਚੀ ਸੇਵਾ ਹੈ ਇਸ ਦੇ ਨਾਲ ਹੀ ਮਨੁੱਖ ਤੋਂ ਇਲਾਵਾ ਜਾਨਵਰ ਪਸ਼ੂ ਪੰਛੀਆਂ ਦੀ ਸੇਵਾ ਕਰਨੀ ਚਾਹੀਦੀ ਹੈ। ਇਸ ਮੌਕੇ ਤੇ ਓਮ ਪ੍ਰਕਾਸ਼ ਨੇ ਬੋਲਦਿਆਂ ਕਿਹਾ ਕਿ ਪਰਮਾਤਮਾ ਨੇ ਸਾਡੀ ਡਿਊਟੀ ਸਮਾਜ ਸੇਵਾ ਲਈ ਲਾਈ ਹੈ ਜੋ ਅਸੀਂ ਬਿਨਾਂ ਸਵਾਰਥ ਤੋਂ ਕਰ ਰਹੇ ਹਾਂ। ਇਸ ਮੌਕੇ ਤੇ ਡੀ.ਕੇ ਬਜਾਜ ਨੇ ਬੋਲਦਿਆਂ ਕਿਹਾ ਕਿ ਅਸੀਂ ਕੁਝ ਪਰਿਵਾਰ ਇਹੋ ਜਿਹੇ ਹਨ ਜਿਨਾਂ ਦੇ ਘਰ ਘਰ ਜਾ ਕੇ ਰਾਸ਼ਨ ਦੇ ਕੇ ਆਉਂਦੇ ਹਾਂ ਕਿਉਂਕਿ ਕੁਝ ਪਰਿਵਾਰ ਸ਼ਰਮ ਮਾਰਦੇ ਘਰ ਤੋਂ ਬਾਹਰ ਨਹੀਂ ਨਿਕਲਦੇ ਇਸ ਕਰਕੇ ਉਨ੍ਹਾਂ ਪਰਿਵਾਰਾਂ ਨੂੰ ਰਾਸ਼ਨ ਦੇ ਕੇ ਆਉਂਦੇ ਹਾਂ। ਇਸ ਮੌਕੇ ਤੇ ਰੰਜਨੀਸ ਕਪੂਰ ਸਾਬਕਾ ਮੈਨੇਜਰ ਪੰਜਾਬ ਨੈਸ਼ਨਲ ਬੈਂਕ ਨੇ ਬੋਲਦਿਆਂ ਕਿਹਾ ਕਿ ਸਾਨੂੰ ਇਨ੍ਹਾਂ ਗਰੀਬ ਲੋੜਵੰਦ ਪਰਿਵਾਰਾਂ ਦੀ ਮਦਦ ਜਿੰਨੀ ਹੋ ਸਕੇ ਆਪਣੀ ਜੇਬ ਵਿੱਚੋਂ ਵੀ ਕਰਨੀ ਚਾਹੀਦੀ ਹੈ ਅਤੇ ਨਾਲ ਹੀ ਸਕੂਲ ਵਿੱਚ ਗਰੀਬ ਪਰਿਵਾਰਾਂ ਦੇ ਬੱਚੇ ਅਤੇ ਬੱਚੀਆ ਦੀ ਮਦਦ ਫੀਸਾਂ ਅਤੇ ਕਿਤਾਬਾਂ ਕਾਪੀਆਂ ਲੈ ਕੇ ਦੇਣੀਆਂ ਚਾਹੀਦੀਆਂ ਹਨ ਤਾਂ ਜੋ ਬੱਚਾ ਪੜ੍ਹ ਲਿਖ ਕੇ ਆਪਣੇ ਪੈਰਾਂ ਤੇ ਖੜਾ ਹੋ ਸਕੇ।

# ਵਾਤਾਵਰਣ ਨੂੰ ਬਚਾਉਣ ਲਈ ਸੀਨੀਅਰ ਸਿਟੀਜਨ ਫੋਰਮ ਨੇ ਬੂਟਿਆਂ ਦੀ ਸਾਂਭ—ਸੰਭਾਲ ਦੀ ਲਈ ਜਿੰਮੇਵਾਰੀ—ਧਾਲੀਵਾਲ




ਫ਼ਿਰੋਜ਼ਪੁਰ, 02 ਅਗਸਤ (ਮਨੋਹਰ ਲਾਲ) :– ਪੰਜਾਬ ਦੇ ਵਾਤਾਵਰਨ ਨੂੰ ਬਚਾਉਣ ਅਤੇ ਹਰਿਆਵਲ ਵਧਾਉਣ ਲਈ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੇ ਪ੍ਰਧਾਨ ਪਰਦੀਪ ਧਵਨ, ਪੈਟਰਨ ਦੇਸ਼ ਬੰਧੂ ਤੁਲੀ, ਅਵਤਾਰ ਸਿੰਘ ਭੋਲਾ ਮੀਤ ਪ੍ਰਧਾਨ, ਅਵਤਾਰ ਸਿੰਘ ਰਿਟਾਇਰਡ ਖ਼ਜ਼ਾਨਾ ਅਫ਼ਸਰ, ਮੋਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ, ਗਤਿੰਦਰ ਕੁਮਾਰ ਕਮਲ ਕੈਸ਼ੀਅਰ ਆਦਿ ਨੇ ਓਲਡ ਸਿਧੀ ਬੰਧ ਕੱਚਾ ਬੰਧ ਪਿੰਡ ਕੁੰਡੇ ਤੋਂ ਹਬੀਬ ਕੇ ਦਰਮਿਆਨ ਕੇ.ਜੀ.ਐਸ ਫਾਊਂਡੇਸ਼ਨ ਵੱਲੋਂ ਲਗਾਏ ਜਾ ਰਹੇ ਪੌਦਿਆਂ ਦੀ ਮੁਹਿੰਮ ਵਿੱਚ ਸ਼ਾਮਿਲ ਹੋ ਕੇ ਅਤੇ ਵੱਖ ਵੱਖ ਕਿਸਮ ਦੇ ਪੌਦੇ ਮੁਹਈਆ ਕਰਵਾ ਕੇ ਸਹਿਯੋਗ ਦਿੱਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮਹਿੰਦਰ ਸਿੰਘ ਧਾਲੀਵਾਲ ਨੇ ਦੱਸਿਆ ਕਿ ਇਸ ਮੌਕੇ ਫੋਰਮ ਦੇ ਮੈਂਬਰ ਸਾਹਿਬਾਨ ਵੱਲੋਂ ਪੌਦੇ ਲਾਉਣ, ਪਾਣੀ ਪਾਉਣ ਤੇ ਰਾਖੀ ਲਈ ਵਿਸ਼ਵਾਸ਼ ਦਵਾਇਆ। ਉਨ੍ਹਾਂ ਕਿਹਾ ਕਿ ਰੁੱਖ ਸਾਨੂੰ ਗਰਮੀ—ਸਰਦੀ ਅਤੇ ਭਿਆਨਕ ਬਾਰਸ਼ਾਂ ਕਾਰਣ ਹੁੰਦੇ ਨੁਕਸਾਨ ਤੋਂ ਬਚਾਅ ਕਰਦੇ ਹਨ, ਜਿਥੇ ਦੂਸਰੇ ਮੁਲਕਾਂ ਵਿੱਚ ਪ੍ਰਤੀ ਵਿਅਕਤੀ ਤਕਰੀਬਨ 400 ਤੋਂ ਵੱਧ ਰੁੱਖ ਹਿੱਸੇ ਆਉਂਦੇ ਹਨ, ਭਾਰਤ ਵਿਚ ਤਕਰੀਬਨ 20—22 ਰੁੱਖ ਆਉਂਦੇ, ਪਰ ਪੰਜਾਬ ਵਿੱਚ ਹਾਲਾਤ ਬਹੁਤ ਵਧੀਆ ਨਹੀਂ ਹਨ। ਉਨ੍ਹਾਂ ਅਪੀਲ ਕੀਤੀ ਕਿ ਵਾਤਾਵਰਨ ਬਚਾਉਣ ਲਈ ਹਰ ਵਿਅਕਤੀ ਆਪਣਾ ਯੋਗਦਾਨ ਪਾਵੇ। ਫ਼ੋਰਮ ਵੱਲੋਂ ਕੇ.ਜੀ.ਐਸ ਫਾਊਂਡੇਸ਼ਨ ਦੇ ਮੈਂਬਰ ਸਾਹਿਬਾਨ ਦਾ ਵਾਤਾਵਰਨ ਬਚਾਉਣ ਲਈ ਪੌਦੇ ਲਾਉਣ ਵਾਲ਼ੇ ਇਸ ਪਵਿੱਤਰ ਕਾਰਜ ਲਈ ਕੀਤੇ ਜਾ ਰਹੇ ਉਪਰਾਲਿਆਂ ਲਈ ਧੰਨਵਾਦ ਕੀਤਾ ਅਤੇ ਸਮੂੰਹ ਮੈਂਬਰਾਂ ਦੀ ਚੰਗੀ ਸਿਹਤ ਲਈ ਅਸ਼ੀਰਵਾਦ ਦਿੱਤਾ। ਇਸ ਮੌਕੇ ਕੇ.ਜੀ.ਐਸ ਫਾਊਂਡੇਸ਼ਨ ਦੇ ਸੰਸਥਾਪਕ ਕੁਲਜੀਤ ਸਿੰਘ, ਗੁਰਜੀਤ ਸਿੰਘ, ਗੁਰਮੀਤ ਸਿੰਘ, ਗੁਰਚਰਣ ਸਿੰਘ, ਸੁਖਬਾਜ਼ ਸਿੰਘ, ਲਵਪ੍ਰੀਤ ਸਿੰਘ, ਇੰਦਰਪਾਲ ਸਿੰਘ, ਸੁਖਵਿੰਦਰ ਸਿੰਘ, ਗੁਰਜੀਤ ਸਿੰਘ, ਅਰਸ਼ਦੀਪ ਸਿੰਘ ਤੋਂ ਇਲਾਵਾ ਛੋਟੇ ਬੱਚਿਆਂ ਅਤੇ ਬੀਬੀਆਂ ਨੇ ਵਾਤਾਵਰਨ ਬਚਾਉਣ ਦਾ ਸੰਕਲਪ ਲਿਆ। ਇਸ ਮੌਕੇ ਗੁਰੂ ਕਾ ਲੰਗਰ ਅਤੇ ਫ਼ਲਾਂ ਦਾ ਲੰਗਰ ਅਟੁੱਟ ਵਰਤਾਇਆ ਗਿਆ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



ੴ ਸਤਿਗੁਰ ਪ੍ਰਸਾਦਿ
ਤਖ਼ਤ ਸ਼੍ਰੀ ਦਮਦਮਾ ਸਾਹਿਬ
ਤਲਵੰਡੀ ਸਾਬੋ (ਜ਼ਿਲ੍ਹਾ ਬਠਿੰਡਾ)
ਵਿਖੇ ਮਹਾਨ ਗੁਰਮਤਿ ਸਮਾਗਮ
ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸੰਪੂਰਨਤਾ ਦਿਵਸ
ਅਤੇ
ਦਮਦਮੀ ਟਕਸਾਲ ਦੇ 320 ਸਾਲਾਂ
ਸਥਾਪਨਾ ਦਿਵਸ
ਆਵਾਜ਼ਿ ਕੌਮ AWAZE QAUM
International Newspaper & WEB TV
ਦਸ਼ਦਮੀ ਟਕਸਾਲ ਜੰਥਾ ਭਿੰਡਰਾ ਮਹਿਤਾ ਵੱਲੋਂ ਮਨਾਇਆ ਜਾ ਰਿਹਾ ਹੈ
ਸਮਾਗਮ ਦਾ ਵੇਰਵਾ
1 ਅਗਸਤ ਤੋਂ 7 ਅਗਸਤ ਤੱਕ
ਮਹਾਨ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਹੈਂ।
7 ਅਗਸਤ ਦਿਨ ਸ਼ੁੱਕਰਵਾਰ
ਸਾਰਾ ਦਿਨ ਧਾਰਮਿਕ ਦੀਵਾਨ ਸਜ਼ਾਏ ਜਾਣਗੇ।
7 ਅਗਸਤ ਨੂੰ ਦਮਦਮੀ ਟਕਸਾਲ ਦੇ ਮੌਜੂਦਾ ਮੁਖੀ
ਸ਼੍ਰੀ ਮਾਨ ਸੰਤ ਬਾਬਾ ਹਰਨਾਮ ਸਿੰਘ ਜੀ ਖ਼ਾਲਸਾ
ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ
ਕਥਾ ਵਿਚਾਰ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ।
ਆਪ ਸਾਰਿਆਂ ਸੰਗਤਾਂ ਨੂੰ ਹੱਥ ਜੋੜ ਕੇ ਨਿਮਰਤਾ ਸਹਿਤ ਬੇਨਤੀ ਕੀ
ਸਾਰੀ ਸੰਗਤ ਹੁਮ ਹੁਮਾ ਕੇ ਸਮਾਗਮਾਂ ਵਿੱਚ ਪਹੁੰਚ ਦੀ ਕਿਰਪਾ ਕਰਨੀ।
ਗੁਰੂ ਪੰਥ ਦਾ ਦਾਸ
ਸ਼੍ਰੀ ਮਾਨ ਸੰਤ ਬਾਬਾ ਹਰਨਾਮ ਸਿੰਘ ਸੀ ਖ਼ਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ ਪ੍ਰਧਾਨ ਸੰਤ ਸਮਾਜ

ਸ਼ਹੀਦ ਊਧਮ ਸਿੰਘ ਸ਼ਹੀਦ ਸਕਿਲ ਡਿਵੈਲਪਮੈਂਟ ਐਂਡ ਐਂਟਰਪਰਨਿਓਸ਼ਿਪ ਯੂਨੀਵਰਸਿਟੀ ਪੰਜਾਬ ਦੀ ਸਥਾਪਨਾ ਲਈ

# ਇਤਿਹਾਸਿਕ ਅੰਤਰਰਾਸ਼ਟਰੀ ਐਮ.ਓ.ਯੂ ਦਸਤਖਤ ਸਮਾਰੋਹ






**ਜੰਡਿਆਲਾ ਗੁਰੂ 2 ਅਗਸਤ ( ਕੁਲਵੰਤ ਸਿੰਘ ਵਿਰਦੀ )**-ਸ਼ਹੀਦੇ ਆਜ਼ਮ ਸਰਦਾਰ ਊਧਮ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਦੇ ਪਾਵਨ ਮੌਕੇ ਉਹਨਾਂ ਦੀ ਜਨਮ ਭੂਮੀ ਸੁਨਾਮ ਊਧਮ ਸਿੰਘ ਵਾਲਾ ਨੇ ਪੰਜਾਬ ਦੇ ਉੱਚ ਸਿੱਖਿਆ ਇਤਿਹਾਸ ਦਾ ਇੱਕ ਸੁਨਹਿਰੀ ਅਧਿਆਏ ਲਿਖਿਆ ।ਇਸ ਇਤਿਹਾਸਿਕ ਮੌਕੇ ਤੇ ਵਿਸ਼ਵ ਪ੍ਰਸਿੱਧ ਵਿਦੇਸ਼ੀ ਯੂਨੀਵਰਸਿਟੀਆਂ ਅਤੇ ਅੰਤਰਰਾਸ਼ਟਰੀ ਉਦਯੋਗਿਕ ਸੰਸਥਾਵਾਂ ਨੇ ਪ੍ਰਸਤਾਵਿਤ ਸ਼ਹੀਦ ਊਧਮ ਸਿੰਘ ਸ਼ਹੀਦ ਸਕਿਲ ਡਿਵੈਲਪਮੈਂਟ ਐਂਡ ਐਂਟਰਪਰਨਿਓਸ਼ਿਪ ਯੂਨੀਵਰਸਿਟੀ ਪੰਜਾਬ ਨੂੰ ਵਿਕਸਿਤ ਕਰਨ ਅਤੇ ਸਹਿਯੋਗ ਦੇਣ ਲਈ ਆਪਸੀ ਸਮਝੌਤਾ ਯਾਦਦਾਸ਼ਤਾਂ ਤੇ ਦਸਤਖਤ ਕੀਤੇ। ਇਹ ਪ੍ਰਸਤਾਵਿਤ ਯੂਨੀਵਰਸਿਟੀ ਕੰਬੋਜ ਫਾਊਂਡੇਸ਼ਨ ਵੱਲੋਂ ਸ਼ਹੀਦ ਊਧਮ ਸਿੰਘ ਐਜੂਕੇਸ਼ਨਲ ਸੁਸਾਇਟੀ ਦੇ ਮਾਧਿਅਮ ਨਾਲ ਪੰਜਾਬ ਸਰਕਾਰ ਦੇ ਸਹਿਯੋਗ ਨਾਲ ਸਥਾਪਿਤ ਕੀਤੀ ਜਾ ਰਹੀ ਹੈ ਇਸ ਦਾ ਉਦੇਸ਼ ਹੁਨਰ ਵਿਕਾਸ ਉਦਯੋਗਿਕਤਾ ਨਵੀਨਤਾ ਅਪਲਾਈਡ ਰਿਸਰਚ ਅਤੇ ਉਦਯੋਗ ਨਾਲ ਜੁੜੀ ਉੱਚ ਸਿੱਖਿਆ ਦੇ ਖੇਤਰ ਵਿੱਚ ਵਿਸ਼ਵ ਪੱਧਰੀ ਕੇਂਦਰ ਬਣਨਾ ਹੈ। ਜੋ ਸ਼ਹੀਦ ਊਧਮ ਸਿੰਘ ਜੀ ਦੇ ਬਲਿਦਾਨ ਦੇਸ਼ ਭਗਤ ਰਾਸ਼ਟਰੀ ਨਿਰਮਾਨ ਦੇ ਆਦਰਸ਼ਾਂ ਨੂੰ ਅੱਗੇ ਵਧਾਏਗੀ ।ਇਸ ਸਮਾਗਮ ਵਿੱਚ ਦੇਸ਼ ਭਰ ਤੋਂ ਆਏ 1900 ਤੋਂ ਵੱਧ ਕੰਬੋਜ ਭਾਈਚਾਰੇ ਦੇ ਮੈਂਬਰਾਂ ਅਤੇ ਹੋਰ ਭਾਈਚਾਰਿਆਂ ਦੇ ਪ੍ਰਤੀਨਿਧੀਆਂ ਨੇ ਭਾਗ ਲਿਆ ਹਜ਼ਾਰਾਂ ਲੋਕਾਂ ਨੇ ਸ਼ਹੀਦ ਸਰਦਾਰ ਊਧਮ ਸਿੰਘ ਜੀ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਇਸ ਇਤਿਹਾਸਿਕ ਅੰਤਰਰਾਸ਼ਟਰੀ ਐਮ ਓ ਯੂ ਦਸਤਖਤ ਸਮਾਰੋਹ ਦੇ ਗਵਾਹ ਬਣੇ ਇਹ ਵਿਸ਼ਾਲ ਇਕੱਠ ਸਿੱਖਿਆ ਨਵੀਨਤਾ ਉਦਯੋਗਿਕਤਾ ਅਤੇ ਨੌਜਵਾਨਾਂ ਦੇ ਸੁਸ਼ਕਤੀਕਰਨ ਰਾਹੀਂ ਰਾਸ਼ਟਰ ਨਿਰਮਾਣ ਲਈ ਸਾਂਝੇ ਸੰਕਲਪ ਦਾ ਪ੍ਰਤੀਕ ਬਣਿਆ। ਬੀ ਬੀ ਗਰੈਂਡ ਹੋਟਲ ਸੁਨਾਮ ਵਿਖੇ ਆਯੋਜਿਤ ਇਸ ਸਮਾਗਮ ਵਿੱਚ ਸੰਤ ਮਹਾਂਪੁਰਸ਼, ਸੀਨੀਅਰ ਸਰਕਾਰੀ ਨੁਮਾਇੰਦੇ, ਵਿਧਾਇਕ, ਉੱਚ ਅਧਿਕਾਰੀ ਅੰਤਰਰਾਸ਼ਟਰੀ ਯੂਨੀਵਰਸਿਟੀਆਂ ਦੇ ਪ੍ਰਤੀਨਿਧੀ, ਉਦਯੋਗ ਜਗਤ ਦੇ ਆਗੂ ਅਤੇ ਪ੍ਰਸਿੱਧ ਸਿੱਖਿਆ ਸਾਸਤਰੀ ਇਕੱਠੇ ਹੋਏ । ਇਸ ਸਮਾਗਮ ਨੇ ਇੱਕ ਅਜਿਹੀ ਵਿਸ਼ਵ ਪੱਧਰੀ ਯੂਨੀਵਰਸਿਟੀ ਦੀ ਸ਼ੁਰੂਆਤ ਕੀਤੀ ਜੋ ਸਿੱਖਿਆ ਖੋਜ ਨਵੀਨਤਾ ਉਦਯੋਗਿਕਤਾ ਅਤੇ ਰਾਸ਼ਟਰ ਨਿਰਮਾਣ ਨੂੰ ਸਮਰਪਿਤ ਹੋਵੇਗੀ। ਇਸ ਸਮਾਗਮ ਦੇ ਮੁੱਖ ਮਹਿਮਾਨ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਸਨ। ਪੰਜਾਬ ਸਰਕਾਰ ਦੇ ਮਾਣਯੋਗ ਮੁੱਖ ਮੰਤਰੀ ਜੀ ਦੀ ਤਰਫੋਂ ਸ਼੍ਰੀ ਅਮਨ ਅਰੋੜਾ( ਕੈਬਨਿਟ ਮੰਤਰੀ ਉਦਯੋਗ ਅਤੇ ਵਣਜ ਨਿਵੇਸ਼), ਸ਼੍ਰੀ ਹਰਪਾਲ ਸਿੰਘ ਚੀਮਾ ( ਕੈਬਨਿਟ ਮੰਤਰੀ ਵਿੱਤ )ਅਤੇ ਸ੍ਰੀ ਬਰਿੰਦਰ ਗੋਇਲ( ਕੈਬਨਿਟ ਮੰਤਰੀ ਜਲ ਸਰੋਤ ਭੂਮੀ ਤੇ ਜਲ ਸੰਭਾਲ ਖਨਨ ਅਤੇ ਭੂ ਵਿਗਿਆਨ ਜੀ ਨੇ ਸ਼ਮੂਲੀਅਤ ਕੀਤੀ।ਹੋਰ ਪ੍ਰਮੁੱਖ ਸਖਸ਼ੀਅਤਾਂ ਵਿੱਚ ਸ੍ਰੀ ਗੋਲਡੀ ਕੰਬੋਜ ਵਿਧਾਇਕ, ਡਾਕਟਰ ਜਮੀਲ-ਉਰ- ਰਹਿਮਾਨ ਵਿਧਾਇਕ ਅਤੇ ਉੱਚ ਸਿੱਖਿਆ ਇਨਵੈਸਟ ਪੰਜਾਬ ਅਤੇ ਹੋਰ ਸਰਕਾਰੀ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਸ਼ਾਮਿਲ ਸਨ।।ਸਮਾਗਮ ਵਿੱਚ ਪਹੁੰਚੇ ਸਮੂਹ ਮਾਨਯੋਗ ਮਹਿਮਾਨਾਂ, ਅੰਤਰਰਾਸ਼ਟਰੀ ਪ੍ਰਤੀਨਿਧੀਆਂ ਅਤੇ ਵਿਸ਼ੇਸ਼ ਸੱਦੇ ਹੋਏ ਮਹਿਮਾਨਾਂ ਦਾ ਨਿੱਘਾ ਸਵਾਗਤ ਡਾਕਟਰ ਸੰਦੀਪ ਸਿੰਘ ਕੌੜਾ ਸੰਸਥਾਪਕ ਚਾਂਸਲਰ ਸ਼ਹੀਦ ਊਧਮ ਸਿੰਘ ਸਕਿਲ ਡਿਵੈਲਪਮੈਂਟ ਐਂਡ ਐਂਟਰਪਿਨਊਰਸ਼ੀਪ ਯੂਨੀਵਰਸਿਟੀ ਪੰਜਾਬ ਅਤੇ ਕੰਬੋਜ ਫਾਊਂਡੇਸ਼ਨ ਦੇ ਚੇਅਰਮੈਨ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਜੀ ਦੀ ਟੀਮ ਵੱਲੋਂ ਕੀਤਾ ਗਿਆ । ਆਪਣੇ ਸੰਬੋਧਨ ਦੌਰਾਨ ਡਾਕਟਰ ਕੌੜਾ ਨੇ ਯੂਨੀਵਰਸਿਟੀ ਦੇ ਵਿਜ਼ਨ ਉਦੇਸ਼ਾਂ ਅਤੇ ਭਵਿੱਖੀ ਰੋਡ ਮੈਪ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਉਹਨਾਂ ਕਿਹਾ ਕਿ ਇਹ ਯੂਨੀਵਰਸਿਟੀ ਹੁਨਰ ਵਿਕਾਸ ਉਦਯੋਗਿਕਤਾ ਨਵੀਨਤਾ ਖੋਜ ਅਤੇ ਉਦਯੋਗ ਨਾਲ ਜੁੜੀ ਉੱਚ ਸਿੱਖਿਆ ਦੇ ਖੇਤਰ ਵਿੱਚ ਵਿਸ਼ਵ ਪੱਧਰ ਦੇ ਮਿਆਰ ਸਥਾਪਿਤ ਕਰਨ ਵਾਲੀ ਸੰਸਥਾ ਵਜੋਂ ਵਿਕਸਿਤ ਕੀਤੀ ਜਾਵੇਗੀ।।ਅੰਤਰਰਾਸ਼ਟਰੀ ਸਮਝੌਤਾ ਯਾਦਦਾਸ਼ਤਾਂ (ਥਾਮਪਸਨ ਰਿਵਰਜ਼ ਯੂਨੀਵਰਸਿਟੀ) ਕੈਨੇਡਾ ,(ਐਮਜ਼ਾਨ ਵੈਬ ਸਰਵਿਸਿਸ) ਅਮਰੀਕਾ ,(ਆਈਟੀ ਐਜੂਕੇਸ਼ਨ ਸਰਵਿਸ) ਸਿੰਗਾਪੁਰ ਅਤੇ ਡਸਾਲਟ ਸਿਸਟਮ ਨਾਲ ਦਰਖਾਸਤ ਕੀਤੀਆਂ ਗਈਆਂ। ਇਸ ਮੌਕੇ ਡਾਕਟਰ ਸੁਰੇਸ਼ ਨਟਰਾਜਨ ਸੀਈਓ ਸਿੰਘਾਪੁਰ ,ਸ੍ਰੀ ਜਸਟਿਨ ਕਾਲਬੈਨ ਐਸੋਸੀਏਟ ਵਾਈਸ ਪ੍ਰੈਸੀਡੈਂਟ ਇੰਟਰਨੈਸ਼ਨਲ ,ਥਾਪਸਨ ਰਿਵਰਸ ਯੂਨੀਵਰਸਿਟੀ, ਸ੍ਰੀ ਤਨੂਜ ਮਿੱਤਲ( ਬਿਜਨਸ ਹੈਡ ਡਿਸਾਲਟ ਸਿਸਟਮ ਇੰਡੀਆ) ਅਤੇ ਸ਼੍ਰੀਮਤੀ ਤ੍ਰਰੀਦੀਪ ਕੌਰ (ਐਮਾਜ਼ਾਨ ਵੈਬ ਸਰਵਿਸ ) ਨੇ ਪ੍ਰਤਿਨਿਤਾ ਕੀਤੀ। ਸ੍ਰੀ ਅਮਨ ਅਰੋੜਾ ਜੀ ਨੇ ਭਰੋਸਾ ਦਿੱਤਾ ਕਿ ਸ਼ਹੀਦ ਊਧਮ ਸਿੰਘ ਸ਼ਹੀਦ ਸਕਿਲ ਡਿਵੈਲਪਮੈਂਟ ਐਂਡ ਐਂਟਰਪਿਨਊਰਸ਼ੀਪ ਯੂਨੀਵਰਸਿਟੀ ਪੰਜਾਬ ਐਕਟ ਨੂੰ ਪਾਸ ਕਰਨ ਲਈ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਇੱਕ ਦਿਨਾ ਸੈਸ਼ਨ ਸੱਦਣ ਲਈ ਯਤਨ ਕੀਤੇ ਜਾਣਗੇ ਇਸ ਭਰੋਸੇ ਦਾ ਸਮਰਥਨ ਪੰਜਾਬ ਵਿਧਾਨ ਸਭਾ ਦੇ ਸਪੀਕਰ ਸਰਦਾਰ ਕੁਲਤਾਰ ਸਿੰਘ ਸੰਧਵਾਂ ਨੇ ਵੀ ਕੀਤਾ। ਇਸ ਵਿਸ਼ੇਸ਼ ਸੈਸ਼ਨ ਵਿੱਚ ਦੇਸ਼ ਵਿਦੇਸ਼ ਤੋਂ ਕੰਬੋਜ ਭਾਈਚਾਰੇ ਅਤੇ ਸ਼ਹੀਦ ਊਧਮ ਸਿੰਘ ਜੀ ਦੇ ਪ੍ਰਸ਼ੰਸਕਾਂ ਦੀ ਸ਼ਮੂਲੀਅਤ ਦੀ ਕਲਪਨਾ ਕੀਤੀ ਗਈ ਹੈ। ਇਸ ਸਮਾਗਮ ਵਿੱਚ ਕੰਬੋਜ ਫਾਉਂਡੇਸ਼ਨ ਦੀ 21 ਮੈਂਬਰੀ ਗਵਰਨਿੰਗ ਬਾਡੀ ਦੇ ਸਾਰੇ ਮੈਂਬਰ ਜਿਨਾਂ ਦੀ ਅਗਵਾਈ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ (ਚੇਅਰਮੈਨ ,ਕੰਬੋਜ ਫਾਊਂਡੇਸ਼ਨ), ਪ੍ਰੋਫੈਸਰ ਸੂਬਾ ਸਿੰਘ ਪ੍ਰਧਾਨ ,ਸ. ਮਾਨ ਸਿੰਘ ਧੰਮ ਜੀ ਵਾਈਸ ਪ੍ਰਧਾਨ ,ਜਸਟਿਸ ਜਗਦੀਪ ਸਿੰਘ ਮਹਿਰੋਕ ਸੇਵਾ ਮੁਕਤ ,ਸ੍ਰੀ ਬੀਐਸਪੀ ਧੰਜੂ ,ਸ੍ਰੀ ਹਰਜਿੰਦਰ ਸਿੰਘ ਹਾਂਡਾ ਅਤੇ ਹੋਰ ਅਹੁਦੇਦਾਰਾਂ ਅਤੇ ਸ਼ਹੀਦ ਊਧਮ ਸਿੰਘ ਐਜੂਕੇਸ਼ਨਲ ਸੋਸਾਇਟੀ ਦੀ ਗਵਰਨਿੰਗ ਕੌਂਸਲ ਦੇ ਸਾਰੇ ਮੈਂਬਰਾਂ ਨੇ ਇਹ ਸਮਾਗਮ ਨੂੰ ਸ਼ਾਨਦਾਰ ਢੰਗ ਨਾਲ ਸਿਰੇ ਚੜਾਉਣ ਲਈ ਸਖਤ ਮਿਹਨਤ ਕੀਤੀ। ਸ਼ਹੀਦ ਊਧਮ ਸਿੰਘ ਦੇ ਪਰਿਵਾਰ ਦੇ ਸਾਰੇ ਮੈਂਬਰ ਸਰਦਾਰ ਹਰਦਿਆਲ ਸਿੰਘ ਦੀ ਅਗਵਾਈ ਵਿੱਚ ਹਾਜ਼ਰ ਸਨ ਅਤੇ ਉਨਾਂ ਦਾ ਕੰਬੋਜ ਫਾਊਂਡੇਸ਼ਨ ਵੱਲੋਂ ਉਚੇਚਾ ਸਤਿਕਾਰ ਕੀਤਾ ਗਿਆ। 1900 ਤੋਂ ਵੱਧ ਭਾਈਚਾਰੇ ਦੇ ਮੈਂਬਰਾਂ ਅਤੇ ਵਿਸ਼ੇਸ਼ ਮਹਿਮਾਨਾਂ ਦੀ ਇਤਿਹਾਸਿਕ ਹਾਜ਼ਰੀ ਨੇ ਇਸ ਸਮਾਗਮ ਨੂੰ ਸ਼ਹੀਦ ਸਰਦਾਰ ਊਧਮ ਸਿੰਘ ਦੀ ਯਾਦ ਵਿੱਚ ਹੋਏ ਸਭ ਤੋਂ ਵੱਡੇ ਭਾਈਚਾਰਕ ਇਕੱਠਾਂ ਵਿੱਚ ਸ਼ਾਮਿਲ ਕਰ ਦਿੱਤਾ। ਇਹ ਸਮਾਗਮ ਇੱਕ ਅਜਿਹੀ ਵਿਸ਼ਵ ਪੱਧਰ ਯੂਨੀਵਰਸਿਟੀ ਦੀ ਸਥਾਪਨਾ ਲਈ ਸਾਂਝੇ ਸੰਕਲਪ ਦਾ ਪ੍ਰਤੀਕ ਬਣਿਆ ਜੋ ਆਉਣ ਵਾਲੀਆਂ ਪੀੜੀਆਂ ਨੂੰ ਪ੍ਰੇਰਿਤ ਕਰੇਗੀ ਅਤੇ ਪੰਜਾਬ ਨੂੰ ਵਿਸ਼ਵ ਸਿੱਖਿਆ ਦੇ ਨਕਸ਼ੇ ਤੇ ਨਵੀਂ ਪਛਾਣ ਦਿਵਾਏਗੀ।

**ਸ਼ਹੀਦੀ ਨੇ ਪ੍ਰੇਰਿਆ ਕੌਮ ਨੂੰ, ਵਿਰਾਸਤ ਨੇ ਜਨਮ ਦਿੱਤਾ ਇਕ ਵਿਸ਼ਵ ਪੱਧਰੀ ਯੂਨੀਵਰਸਿਟੀ ਦੇ ਸੁਪਨੇ ਨੂੰ : ਡਾਕਟਰ ਮੰਗਲ ਸਿੰਘ ਕਿਸ਼ਨਪੁਰੀ**

ਪੰਜਾਬ ਦੇ ਪੰਜ ਲੱਖ ਨੌਜਵਾਨ

# ਨਸ਼ਿਆਂ ਵਿਰੁੱਧ ਸਹੁੰ ਚੁੱਕਣਗੇ: ਐਮਪੀ ਵਿਕਰਮਜੀਤ ਸਿੰਘ ਸਾਹਨੀ



ਨਵੀਂ ਦਿੱਲੀ, 2 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ 'ਵਿਕਸਤ ਭਾਰਤ 2047' ਤਹਿਤ ਸ਼ੁਰੂ ਕੀਤੇ ਗਏ 'ਨਸ਼ਾ ਮੁਕਤ ਯੁਵਾ ਅਭਿਆਨ' ਦੌਰਾਨ ਐਮਪੀ ਵਿਕਰਮਜੀਤ ਸਿੰਘ ਸਾਹਨੀ ਨੇ ਐਲਾਨ ਕੀਤਾ ਕਿ ਉਨ੍ਹਾਂ ਦੀ ਸੰਨ ਫਾਊਂਡੇਸ਼ਨ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਵਿਸ਼ੇਸ਼ ਮੁਹਿੰਮ ਚਲਾਏਗੀ, ਜਿਸ ਤਹਿਤ ਪੰਜ ਲੱਖ ਨੌਜਵਾਨ ਨਸ਼ਾ ਮੁਕਤੀ ਦੀ ਸਹੁੰ ਚੁੱਕਣਗੇ। ਸਾਹਨੀ ਨੇ ਦੱਸਿਆ ਕਿ ਉਨ੍ਹਾਂ ਦਾ ਐਨਜੀਓ ਪੰਜਾਬ ਵਿੱਚ 12 ਨਸ਼ਾ ਮੁਕਤੀ ਕੇਂਦਰ ਚਲਾ ਰਿਹਾ ਹੈ, ਜਿੱਥੇ ਯੋਗਾ, ਧਿਆਨ, ਖੇਡਾਂ ਅਤੇ ਹੁਨਰ ਵਿਕਾਸ ਰਾਹੀਂ ਨਸ਼ਾ ਪੀੜਤ ਨੌਜਵਾਨਾਂ ਦਾ ਪੁਨਰਵਾਸ ਕਰਕੇ ਉਨ੍ਹਾਂ ਨੂੰ ਰੋਜ਼ਗਾਰ ਦੇ ਯੋਗ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਵਿੱਚ ਸਮਾਜ, ਪਰਿਵਾਰ ਅਤੇ ਨੌਜਵਾਨਾਂ ਦੀ ਸਾਂਝੀ ਭਾਗੀਦਾਰੀ ਹੀ ਇਸ ਸਮੱਸਿਆ ਦਾ ਸਥਾਈ ਹੱਲ ਹੈ। ਉਨ੍ਹਾਂ ਦੇ ਸੰਬੋਧਨ ਦੌਰਾਨ ਦਿੱਲੀ ਅਤੇ ਪੰਜਾਬ ਦੇ ਵੱਖ-ਵੱਖ ਹੁਨਰ ਅਤੇ ਪੁਨਰਵਾਸ ਕੇਂਦਰਾਂ ਨਾਲ ਜੁੜੇ ਕਰੀਬ 5,000 ਨੌਜਵਾਨ ਵੀ ਆਨਲਾਈਨ ਸ਼ਾਮਲ ਹੋਏ। ਸਾਹਨੀ ਨੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਹੋਰਨਾਂ ਨੂੰ ਵੀ ਇਸ ਬੁਰਾਈ ਤੋਂ ਬਚਾਉਣ ਲਈ ਅੱਗੇ ਆਉਣ ਦੀ ਅਪੀਲ ਕੀਤੀ।

# ਸੁਰੱਖਿਆ ਦੇ ਨਾਂ 'ਤੇ ਸਿੱਖਾਂ ਨੂੰ ਕਰਤਾਰਪੁਰ ਸਾਹਿਬ ਦੇ ਦਰਸ਼ਨਾਂ ਤੋਂ ਵਾਂਝਾ ਨਾ ਰੱਖਿਆ ਜਾਵੇ: ਬੀਬੀ ਰਣਜੀਤ ਕੌਰ



**ਨਵੀਂ ਦਿੱਲੀ, 2 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸੀਨੀਅਰ ਮੈਂਬਰ ਬੀਬੀ ਰਣਜੀਤ ਕੌਰ ਨੇ ਕੇਂਦਰ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਸ੍ਰੀ ਕਰਤਾਰਪੁਰ ਸਾਹਿਬ ਲਾਂਘਾ ਕਰੋੜਾਂ ਸਿੱਖਾਂ ਦੀ ਆਸਥਾ, ਸ਼ਰਧਾ ਅਤੇ ਧਾਰਮਿਕ ਭਾਵਨਾਵਾਂ ਨਾਲ ਜੁੜਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਸੁਰੱਖਿਆ ਦੇ ਨਾਂ 'ਤੇ ਸੰਗਤਾਂ ਨੂੰ ਆਪਣੇ ਪਵਿੱਤਰ ਅਸਥਾਨ ਦੇ ਦਰਸ਼ਨਾਂ ਤੋਂ ਵਾਂਝਾ ਰੱਖਣਾ ਕਿਸੇ ਵੀ ਪੱਖੋਂ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ। ਸਰਕਾਰ ਨੂੰ ਇਸ ਮਾਮਲੇ ਨੂੰ ਕੇਵਲ ਸੁਰੱਖਿਆ ਦੇ ਨਜ਼ਰੀਏ ਨਾਲ ਨਹੀਂ, ਸਗੋਂ ਸੰਵਿਧਾਨ ਵੱਲੋਂ ਦਿੱਤੀ ਧਾਰਮਿਕ ਆਜ਼ਾਦੀ ਅਤੇ ਸੰਗਤਾਂ ਦੀਆਂ ਭਾਵਨਾਵਾਂ ਦੇ ਸੰਦਰਭ ਵਿੱਚ ਵੇਖਣਾ ਚਾਹੀਦਾ ਹੈ। ਬੀਬੀ ਰਣਜੀਤ ਕੌਰ ਨੇ ਕਿਹਾ ਕਿ ਜੇਕਰ ਕੇਂਦਰ ਸਰਕਾਰ ਨੂੰ ਸੁਰੱਖਿਆ ਸੰਬੰਧੀ ਕਿਸੇ ਕਿਸਮ ਦੀ ਚਿੰਤਾ ਹੈ ਤਾਂ ਉਸ ਦੇ ਹੱਲ ਲਈ ਹੋਰ ਸਖ਼ਤ ਅਤੇ ਪ੍ਰਭਾਵਸ਼ਾਲੀ ਪ੍ਰਬੰਧ ਕੀਤੇ ਜਾ ਸਕਦੇ ਹਨ, ਪਰ ਲਾਂਘੇ ਨੂੰ ਬੰਦ ਰੱਖਣਾ ਜਾਂ ਦਰਸ਼ਨਾਂ 'ਤੇ ਰੋਕ ਲਗਾਉਣਾ ਇਸ ਦਾ ਹੱਲ ਨਹੀਂ ਹੋ ਸਕਦਾ। ਉਨ੍ਹਾਂ ਕਿਹਾ ਕਿ ਧਾਰਮਿਕ ਯਾਤਰਾ ਦਾ ਅਧਿਕਾਰ ਹਰ ਨਾਗਰਿਕ ਦਾ ਸੰਵਿਧਾਨਕ ਹੱਕ ਹੈ ਅਤੇ ਇਸ ਨੂੰ ਲੰਬੇ ਸਮੇਂ ਤੱਕ ਪ੍ਰਭਾਵਿਤ ਕਰਨਾ ਠੀਕ ਨਹੀਂ। ਉਨ੍ਹਾਂ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਪਾਕਿਸਤਾਨ ਨਾਲ ਲੋੜੀਂਦੇ ਕੂਟਨੀਤਕ ਯਤਨ ਕਰਕੇ ਕਰਤਾਰਪੁਰ ਸਾਹਿਬ ਲਾਂਘੇ ਨੂੰ ਨਿਯਮਤ, ਨਿਰਵਿਘਨ ਅਤੇ ਸੁਚਾਰੂ ਢੰਗ ਨਾਲ ਚਲਾਉਣ ਲਈ ਤੁਰੰਤ ਕਦਮ ਚੁੱਕੇ ਜਾਣ, ਤਾਂ ਜੋ ਦੇਸ਼ ਅਤੇ ਵਿਦੇਸ਼ ਦੀਆਂ ਸੰਗਤਾਂ ਬਿਨਾਂ ਕਿਸੇ ਰੁਕਾਵਟ ਆਪਣੇ ਪਹਿਲੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਾਵਨ ਅਸਥਾਨ ਦੇ ਦਰਸ਼ਨ ਕਰ ਸਕਣ। ਬੀਬੀ ਰਣਜੀਤ ਕੌਰ ਨੇ ਕਿਹਾ ਕਿ ਕਰਤਾਰਪੁਰ ਸਾਹਿਬ ਦਾ ਲਾਂਘਾ ਕਿਸੇ ਸਿਆਸੀ ਬਹਿਸ ਦਾ ਨਹੀਂ, ਸਗੋਂ ਸਿੱਖ ਕੌਮ ਦੀਆਂ ਸਦੀਆਂ ਪੁਰਾਣੀਆਂ ਅਰਦਾਸਾਂ, ਆਸਥਾ ਅਤੇ ਵਿਸ਼ਵਾਸ ਦਾ ਪ੍ਰਤੀਕ ਹੈ। ਇਸ ਲਈ ਇਸ ਮਸਲੇ ਨੂੰ ਸੁਰੱਖਿਆ ਜਾਂ ਰਾਜਨੀਤੀ ਦੀ ਐਨਕ ਨਾਲ ਦੇਖਣ ਦੀ ਬਜਾਏ ਧਾਰਮਿਕ ਅਧਿਕਾਰਾਂ ਅਤੇ ਮਨੁੱਖੀ ਸੰਵੇਦਨਾਵਾਂ ਦੇ ਨਜ਼ਰੀਏ ਨਾਲ ਵੇਖਿਆ ਜਾਣਾ ਚਾਹੀਦਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਕੇਂਦਰ ਸਰਕਾਰ ਨੂੰ ਸੰਗਤਾਂ ਦੀਆਂ ਭਾਵਨਾਵਾਂ ਦਾ ਸਨਮਾਨ ਕਰਦਿਆਂ ਕਰਤਾਰਪੁਰ ਸਾਹਿਬ ਲਾਂਘੇ ਨੂੰ ਜਲਦ ਤੋਂ ਜਲਦ ਪੂਰੀ ਤਰ੍ਹਾਂ ਮੁੜ ਸੁਚਾਰੂ ਬਣਾਉਣ ਲਈ ਠੋਸ ਪਹਿਲ ਕਰਨੀ ਚਾਹੀਦੀ ਹੈ।

# ਬੀਬੀ ਦੀ ਡਾਂਟ ਦਾ ਮਤਲਬ ਹੁਣ ਜਾ ਕੇ ਸਮਝ ਆਇਆ



ਸਾਡੇ ਗੁਆਂਢ ਸ਼੍ਰੀ ਰਾਮ ਕਿਸ਼ਨ ਆੜ੍ਹਤੀ ਦਾ ਘਰ ਸੀ। ਉਨ੍ਹਾਂ ਦੀ ਧਰਮਪਤਨੀ ਨੂੰ ਸਾਰਾ ਇਮਲੀ ਵਾਲਾ ਮੁਹੱਲਾ ਪਿਆਰ ਨਾਲ "ਬੀਬੀ" ਕਹਿੰਦਾ ਸੀ। ਬੜੇ ਨਿੱਘੇ ਸੁਭਾਅ ਦੀ ਸੀ। ਘਰ ਵਿੱਚ ਦੁੱਧ, ਦਹੀਂ ਤੇ ਲੱਸੀ ਦੀ ਕਦੇ ਕਮੀ ਨਹੀਂ ਰਹਿੰਦੀ ਸੀ। ਮੁਹੱਲੇ ਦਾ ਕੋਈ ਵੀ ਬੱਚਾ ਜਾਂ ਵੱਡਾ ਆ ਜਾਵੇ, ਬਿਨਾਂ ਕਿਸੇ ਭੇਦਭਾਵ ਦੇ ਤਾਜ਼ੀ ਲੱਸੀ ਦਾ ਗਲਾਸ ਹੱਥ ਵਿੱਚ ਫੜਾ ਦਿੰਦੀ ਸੀ।

ਸਾਡੇ ਘਰੋਂ ਵੀ ਅਕਸਰ ਆਵਾਜ਼ ਆਉਂਦੀ ਸੀ, "ਓਏ, ਜਾ ਬੀਬੀ ਕੋਲੋਂ ਲੱਸੀ ਫੜ ਲੈ ਆ।" ਅਸੀਂ ਖੇਡਦੇ-ਖੇਡਦੇ ਸਿੱਧੇ ਹੀ ਚੌਂਕੇ ਵਿੱਚ ਵੜ ਜਾਂਦੇ। ਕਦੇ ਹੱਥ ਧੋਣੇ ਭੁੱਲ ਜਾਂਦੇ, ਕਦੇ ਬਾਹਰ ਵਾਲੀ ਚੱਪਲ-ਜੁੱਤੀ ਹੀ ਨਾਲ ਲੈ ਜਾਂਦੇ। ਬਸ ਫਿਰ ਕੀ ਸੀ ਬੀਬੀ ਦੀ ਡਾਂਟ ਪੱਕੀ!

ਉਸ ਵੇਲੇ ਮਨ ਵਿੱਚ ਇਹੀ ਆਉਂਦਾ ਸੀ ਕਿ "ਬੀਬੀ ਮੇਰੇ ਨਾਲ ਹੀ ਗੁੱਸੇ ਕਿਉਂ ਹੁੰਦੀ ਹੈ?"

ਪਰ ਅੱਜ, ਸਾਲਾਂ ਬਾਅਦ, ਜਦੋਂ ਆਪ ਚੁੱਲ੍ਹਾ-ਚੌਂਕਾ ਸੰਭਾਲਦੇ ਹਾਂ, ਲੰਗਰ ਬਣਾਉਂਦੇ ਹਾਂ ਜਾਂ ਘਰ ਦਾ ਖਾਣਾ ਤਿਆਰ ਕਰਦੇ ਹਾਂ ਅਤੇ ਕੋਈ ਬਾਹਰ ਦੀ ਗੰਦਗੀ ਲੈ ਕੇ ਅੰਦਰ ਆ ਜਾਵੇ, ਤਾਂ ਆਪ ਵੀ ਕਹਿ ਉੱਠਦੇ ਹਾਂ "ਚੌਂਕਾ ਸਾਫ਼ ਰੱਖੋ, ਬਾਹਰ ਦੀ ਗੰਦਗੀ ਅੰਦਰ ਨਾ ਲਿਆਓ।"

ਉਸ ਵੇਲੇ ਸਮਝ ਨਹੀਂ ਸੀ ਆਉਂਦੀ, ਪਰ ਅੱਜ ਸਮਝ ਆਉਂਦੀ ਹੈ ਕਿ ਬੀਬੀ ਦਾ ਗੁੱਸਾ ਸਾਡੇ ਉੱਤੇ ਨਹੀਂ ਸੀ। ਉਹ ਤਾਂ ਘਰ ਦੀ ਸਫ਼ਾਈ, ਪਰਿਵਾਰ ਦੀ ਸਿਹਤ ਅਤੇ ਚੰਗੀਆਂ ਆਦਤਾਂ ਦੀ ਰਾਖੀ ਕਰਦੀ ਸੀ।

ਉਸ ਜ਼ਮਾਨੇ ਦੀਆਂ ਮਾਵਾਂ ਤੇ ਬੀਬੀਆਂ ਨੂੰ ਭਾਵੇਂ ਵੱਡੀਆਂ-ਵੱਡੀਆਂ ਵਿਗਿਆਨਕ ਗੱਲਾਂ ਨਹੀਂ ਪਤਾ ਸਨ, ਪਰ ਇੱਕ ਗੱਲ ਉਹ ਚੰਗੀ ਤਰ੍ਹਾਂ ਜਾਣਦੀਆਂ ਸਨ ਜੇ ਚੌਂਕਾ ਸਾਫ਼ ਹੋਵੇਗਾ ਤਾਂ ਘਰ ਦੇ ਜੀਅ ਵੀ ਤੰਦਰੁਸਤ ਰਹਿਣਗੇ।

ਅੱਜ ਲੱਗਦਾ ਹੈ ਕਿ ਵੱਡਿਆਂ ਦੀ ਹਰ ਡਾਂਟ ਦੇ ਪਿੱਛੇ ਗੁੱਸਾ ਨਹੀਂ, ਸਗੋਂ ਫ਼ਿਕਰ ਤੇ ਪਿਆਰ ਲੁਕਿਆ ਹੁੰਦਾ ਸੀ। ਬਸ, ਇਹ ਗੱਲ ਸਮਝਣ ਵਿੱਚ ਸਾਨੂੰ ਥੋੜ੍ਹੀ ਦੇਰ ਲੱਗ ਗਈ।

**-ਸਰਬਜੀਤ ਸਿੰਘ ਬਨੂੜ**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਯੂਕੇ ਸੰਸਦ ਅੱਗੇ ਅੰਤਰਰਾਸ਼ਟਰੀ ਦਮਨਕਾਰੀ ਦਬਾਅ ਦੇ ਮਾਮਲੇ ਉਭਰੇ

# ਸਿੱਖ ਆਗੂਆਂ ਅਤੇ ਪੱਤਰਕਾਰਾਂ ਦੀਆਂ ਗਵਾਹੀਆਂ ਦਰਜ

**ਲੰਡਨ, 2 ਅਗਸਤ (ਸਰਬਜੀਤ ਸਿੰਘ ਬਨੂੜ)**-ਯੂਕੇ ਸੰਸਦ ਦੀ ਮਨੁੱਖੀ ਅਧਿਕਾਰਾਂ ਬਾਰੇ ਸੰਯੁਕਤ ਕਮੇਟੀ ਵੱਲੋਂ "ਬਰਤਾਨੀਆ ਵਿੱਚ ਸਰਹੱਦਾਂ ਪਾਰ ਦਮਨਕਾਰੀ ਕਾਰਵਾਈਆਂ ਸਬੰਧੀ ਕੀਤੀ ਜਾ ਰਹੀ ਜਾਂਚ ਨੇ ਬਰਤਾਨੀਆ ਵਿੱਚ ਰਹਿੰਦੇ ਸਿੱਖ ਆਗੂਆਂ, ਪੱਤਰਕਾਰਾਂ ਅਤੇ ਮਨੁੱਖੀ ਅਧਿਕਾਰ ਕਾਰਕੁਨਾਂ ਵੱਲੋਂ ਲਗਾਏ ਗਏ ਗੰਭੀਰ ਦੋਸ਼ਾਂ ਨੂੰ ਸੰਸਦੀ ਪੱਧਰ 'ਤੇ ਪਹੁੰਚਾ ਦਿੱਤਾ ਹੈ। ਕਮੇਟੀ ਅੱਗੇ ਪੇਸ਼ ਕੀਤੀਆਂ ਲਿਖਤੀ ਅਤੇ ਮੌਖਿਕ ਗਵਾਹੀਆਂ ਵਿੱਚ ਕਥਿਤ ਵਿਦੇਸ਼ੀ ਦਬਾਅ, ਧਮਕੀਆਂ, ਨਿਗਰਾਨੀ ਅਤੇ ਸੁਰੱਖਿਆ ਖ਼ਤਰਿਆਂ ਸਬੰਧੀ ਕਈ ਦਾਅਵੇ ਦਰਜ ਕਰਵਾਏ ਗਏ ਹਨ। ਗੱਲਬਾਤ ਕਰਦਿਆਂ ਦਲ ਖਾਲਸਾ ਇੰਟਰਨੈਸ਼ਨਲ ਦੇ ਆਗੂ ਗੁਰਚਰਨ ਸਿੰਘ ਨੇ ਦਾਅਵਾ ਕੀਤਾ ਕਿ ਸਿੱਖ ਅਧਿਕਾਰਾਂ ਅਤੇ ਸਵੈ-ਨਿਰਣੇ ਦੇ ਹੱਕ ਵਿੱਚ ਕੀਤੀ ਜਾ ਰਹੀ ਸਰਗਰਮੀ ਕਾਰਨ ਉਨ੍ਹਾਂ ਅਤੇ ਉਨ੍ਹਾਂ ਦੇ ਪਰਿਵਾਰ ਨੂੰ ਲੰਬੇ ਸਮੇਂ ਤੋਂ ਧਮਕੀਆਂ ਦਾ ਸਾਹਮਣਾ ਕਰਨਾ ਪਿਆ। ਉਨ੍ਹਾਂ ਨੇ ਆਪਣੀ ਪਤਨੀ ਜਸਬੀਰ ਕੌਰ ਦੀ ਸ਼ੱਕੀ ਮੌਤ ਦਾ ਜ਼ਿਕਰ ਕਰਦਿਆਂ ਇਸ ਮਾਮਲੇ ਵਿੱਚ ਇਨਸਾਫ਼ ਅਤੇ ਜਵਾਬਦੇਹੀ ਦੀ ਮੰਗ ਕੀਤੀ। ਗੁਰਚਰਨ ਸਿੰਘ ਦੇ ਚਾਰ ਬੱਚੇ ਹਨ। ਉਨ੍ਹਾਂ ਨੇ ਆਪਣੀ ਗਵਾਹੀ ਵਿੱਚ ਇਹ ਵੀ ਦਾਅਵਾ ਕੀਤਾ ਕਿ ਉਨ੍ਹਾਂ ਖ਼ਿਲਾਫ਼ ਹੋ ਰਹੇ ਦਬਾਅ ਦਾ ਸਬੰਧ ਭਾਰਤੀ ਰਾਜ ਦੇ ਹਿੱਤਾਂ ਨਾਲ ਜੁੜੇ ਤੱਤਾਂ ਨਾਲ ਹੈ। ਇਸੇ ਜਾਂਚ ਦੌਰਾਨ ਸਿੱਖਸ ਫਾਰ ਜਸਟਿਸ ਦੇ ਖਾਲਿਸਤਾਨੀ ਸਿੱਖ ਆਗੂ ਪਰਮਜੀਤ ਸਿੰਘ ਪੰਮਾ ਨੇ ਵੀ ਆਪਣੀ ਗਵਾਹੀ ਵਿੱਚ ਯੂਕੇ ਵਿੱਚ ਮਿਲੀਆਂ ਕਥਿਤ ਧਮਕੀਆਂ, ਸੁਰੱਖਿਆ ਚਿੰਤਾਵਾਂ ਅਤੇ ਵਿਦੇਸ਼ੀ ਦਬਾਅ ਸਬੰਧੀ ਆਪਣੇ ਤਜਰਬੇ ਕਮੇਟੀ ਅੱਗੇ ਰੱਖੇ। ਉਨ੍ਹਾਂ ਨੇ ਕਿਹਾ ਕਿ ਜਨਤਕ ਸਰਗਰਮੀਆਂ ਕਾਰਨ ਯੂਕੇ ਦੀਆਂ ਸੁਰੱਖਿਆ ਏਜੰਸੀਆਂ ਨੂੰ ਅਜਿਹੇ ਮਾਮਲਿਆਂ ਨੂੰ ਹੋਰ ਗੰਭੀਰਤਾ ਨਾਲ ਲਿਆ ਹੈ। ਕਮੇਟੀ ਅੱਗੇ ਕੁਝ ਪੱਤਰਕਾਰਾਂ ਅਤੇ ਮੀਡੀਆ ਨਾਲ ਜੁੜੇ ਵਿਅਕਤੀਆਂ ਨੇ ਵੀ ਗਵਾਹੀਆਂ ਦਿੰਦਿਆਂ ਦਾਅਵਾ ਕੀਤਾ ਕਿ ਉਨ੍ਹਾਂ ਨੂੰ ਆਪਣੀ ਪੱਤਰਕਾਰੀ ਅਤੇ ਵਿਚਾਰ ਪ੍ਰਗਟ ਕਰਨ ਕਾਰਨ ਧਮਕੀਆਂ, ਡਰਾਉਣ-ਧਮਕਾਉਣ ਦੀਆਂ ਕੋਸ਼ਿਸ਼ਾਂ ਅਤੇ ਦਬਾਅ ਦਾ ਸਾਹਮਣਾ ਕਰਨਾ ਪਿਆ। ਉਨ੍ਹਾਂ ਦਾ ਕਹਿਣਾ ਸੀ ਕਿ ਜੇਕਰ ਵਿਦੇਸ਼ੀ ਦਖ਼ਲਅੰਦਾਜ਼ੀ ਅਤੇ ਦਮਨਕਾਰੀ ਤਰੀਕਿਆਂ ਨੂੰ ਨਾ ਰੋਕਿਆ ਗਿਆ ਤਾਂ ਇਸ ਦਾ ਅਸਰ ਯੂਕੇ ਵਿੱਚ ਪ੍ਰੈੱਸ ਦੀ ਆਜ਼ਾਦੀ, ਲੋਕਤੰਤਰੀ ਅਧਿਕਾਰਾਂ ਅਤੇ ਅਭਿਵੈਕਤੀ ਦੀ ਆਜ਼ਾਦੀ 'ਤੇ ਪੈ ਸਕਦਾ ਹੈ।




ਦਲ ਖਾਲਸਾ ਆਗੂ ਦੀ ਪਤਨੀ ਜਸਬੀਰ ਕੌਰ



ਭਾਈ ਗੁਰਚਰਨ ਸਿੰਘ

ਆਵਾਜ਼ਿ ਕੌਮ AWAZE QAUM International Newspaper & WEB TV

**ਦਲ ਖਾਲਸਾ ਆਗੂ ਗੁਰਚਰਨ ਸਿੰਘ ਨੇ ਪਤਨੀ ਜਸਬੀਰ ਕੌਰ ਦੀ ਸ਼ੱਕੀ ਮੌਤ ਲਈ ਭਾਰਤੀ ਰਾਜ ਦੀ ਭੂਮਿਕਾ ਦਾ ਦਾਅਵਾ ਕੀਤਾ**

ਇਸ ਜਾਂਚ ਵਿੱਚ ਸਿਰਫ਼ ਸਿੱਖ ਆਗੂ ਹੀ ਨਹੀਂ, ਸਗੋਂ ਮਨੁੱਖੀ ਅਧਿਕਾਰ ਸੰਸਥਾਵਾਂ, ਕਾਨੂੰਨੀ ਮਾਹਿਰਾਂ, ਅਕਾਦਮਿਕ ਵਿਦਵਾਨਾਂ ਅਤੇ ਹੋਰ ਭਾਈਚਾਰਕ ਨੁਮਾਇੰਦਿਆਂ ਨੇ ਵੀ ਆਪਣੇ ਵਿਚਾਰ ਅਤੇ ਸਬੂਤ ਕਮੇਟੀ ਅੱਗੇ ਪੇਸ਼ ਕੀਤੇ ਹਨ। ਕਮੇਟੀ ਇਨ੍ਹਾਂ ਗਵਾਹੀਆਂ ਦੇ ਆਧਾਰ 'ਤੇ ਇਹ ਅਧਿਐਨ ਕਰ ਰਹੀ ਹੈ ਕਿ ਕੀ ਯੂਕੇ ਵਿੱਚ ਰਹਿ ਰਹੇ ਲੋਕ ਵਿਦੇਸ਼ੀ ਰਾਜਾਂ ਜਾਂ ਉਨ੍ਹਾਂ ਨਾਲ ਜੁੜੇ ਤੱਤਾਂ ਵੱਲੋਂ ਕਥਿਤ ਅੰਤਰਰਾਸ਼ਟਰੀ ਦਮਨਕਾਰੀ ਦਬਾਅ (Transnational Repression) ਦਾ ਸਾਹਮਣਾ ਕਰ ਰਹੇ ਹਨ ਅਤੇ ਅਜਿਹੇ ਮਾਮਲਿਆਂ ਨਾਲ ਨਜਿੱਠਣ ਲਈ ਕਿਹੜੇ ਕਾਨੂੰਨੀ ਅਤੇ ਨੀਤੀਗਤ ਕਦਮ ਚੁੱਕੇ ਜਾਣੇ ਚਾਹੀਦੇ ਹਨ। ਜ਼ਿਕਰਯੋਗ ਹੈ ਕਿ ਕੈਨੇਡਾ ਵਿੱਚ ਸਿੱਖ ਆਗੂ ਹਰਦੀਪ ਸਿੰਘ ਨਿੱਝਰ ਦੀ ਹੱਤਿਆ ਤੋਂ ਬਾਅਦ ਵਿਦੇਸ਼ਾਂ ਵਿੱਚ ਰਹਿੰਦੇ ਸਿੱਖ ਕਾਰਕੁਨਾਂ ਅਤੇ ਆਗੂਆਂ ਦੀ ਸੁਰੱਖਿਆ ਦਾ ਮੁੱਦਾ ਅੰਤਰਰਾਸ਼ਟਰੀ ਪੱਧਰ 'ਤੇ ਹੋਰ ਗੰਭੀਰਤਾ ਨਾਲ ਉੱਭਰਿਆ ਹੈ। ਕੈਨੇਡਾ, ਅਮਰੀਕਾ ਅਤੇ ਯੂਕੇ ਵਿੱਚ ਇਸ ਸਬੰਧੀ ਕਈ ਜਾਂਚਾਂ, ਸੁਰੱਖਿਆ ਚੇਤਾਵਨੀਆਂ ਅਤੇ ਸੰਸਦੀ ਕਾਰਵਾਈਆਂ ਹੋ ਚੁੱਕੀਆਂ ਹਨ। ਯੂਕੇ ਸੰਸਦ ਦੀ ਵੈੱਬਸਾਈਟ 'ਤੇ ਇਹ ਲਿਖਤੀ ਗਵਾਹੀਆਂ ਜਨਤਕ ਤੌਰ 'ਤੇ ਉਪਲਬਧ ਹਨ ਅਤੇ ਕਮੇਟੀ ਦੀ ਚੱਲ ਰਹੀ ਜਾਂਚ ਦਾ ਹਿੱਸਾ ਹਨ। ਇਹ ਜਾਂਚ ਇਸ ਗੱਲ ਦਾ ਮੁਲਾਂਕਣ ਕਰ ਰਹੀ ਹੈ ਕਿ ਵਿਦੇਸ਼ੀ ਰਾਜਾਂ ਵੱਲੋਂ ਕਥਿਤ ਤੌਰ 'ਤੇ ਯੂਕੇ ਵਿੱਚ ਰਹਿ ਰਹੇ ਲੋਕਾਂ ਨੂੰ ਪ੍ਰਭਾਵਿਤ ਕਰਨ ਜਾਂ ਡਰਾਉਣ ਦੀਆਂ ਕੋਸ਼ਿਸ਼ਾਂ ਨਾਲ ਕਿਵੇਂ ਨਜਿੱਠਿਆ ਜਾਵੇ।

# ਝਾੜ ਸਾਹਿਬ ਕਾਲਜ ਵਿਖੇ ਨਵੀਆ ਵਿਦਿਆਰਥਣਾਂ ਲਈ ਓਰੀਐਂਟੇਸ਼ਨ ਪ੍ਰੋਗਰਾਮ ਆਯੋਜਿਤ

**ਕਿਹਾ ਕਿ ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥਣਾਂ ਨੂੰ ਕਾਲਜ ਦੇ ਅਕਾਦਮਿਕ ਮਾਹੌਲ, ਵੱਖ-ਵੱਖ ਸਹੂਲਤਾਂ, ਅਨੁਸ਼ਾਸਨ, ਅਕਾਦਮਿਕ ਪ੍ਰਾਪਤੀਆਂ ਅਤੇ ਭਵਿੱਖ ਦੀਆਂ ਯੋਜਨਾਵਾਂ ਤੋਂ ਜਾਣੂ ਕਰਵਾਉਣਾ ਹੈ...**

ਮਾਛੀਵਾੜਾ ਸਾਹਿਬ, 2 ਅਗਸਤ (ਆਵਾਜ਼ਿ ਕੌਮ ਬਿਊਰੋ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ , ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੀ ਵਿਦਿਅਕ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ, ਝਾੜ ਸਾਹਿਬ ਵਿਖੇ ਸ.ਸੁਖਮਿੰਦਰ ਸਿੰਘ(ਸਕੱਤਰ ਵਿਦਿਆ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਦਿਸ਼ਾ ਨਿਰਦੇਸ਼ ਪ੍ਰਿੰਸੀਪਲ ਡਾ.ਰਜਿੰਦਰ ਕੌਰ ਦੀ ਰਹਿਨੁਮਾਈ ਅਤੇ ਆਈ.ਕਿਊ.ਏ.ਸੀ. ਦੀ ਸਰਪ੍ਰਸਤੀ ਹੇਠ ਬੀ.ਏ., ਬੀ.ਸੀ.ਏ., ਬੀ.ਐੱਸ.ਸੀ. ਫ਼ੈਸ਼ਨ ਡਿਜ਼ਾਈਨਿੰਗ, ਬੀ.ਕਾਮ., ਐਮ.ਏ.(ਪੰਜਾਬੀ), ਪੀ.ਜੀ.ਡੀ.ਸੀ.ਏ, ਐਮ.ਐੱਸ.ਸੀ(ਆਈ.ਟੀ) ਅਤੇ ਪੀ.ਜੀ.ਡੀ.ਐੱਫ.ਡੀ. ਵਿੱਚ ਨਵੀਆਂ ਦਾਖਲ ਹੋਈਆਂ ਵਿਦਿਆਰਥਣਾਂ ਲਈ ਓਰੀਐਂਟੇਸ਼ਨ ਪ੍ਰੋਗਰਾਮ ਆਯੋਜਿਤ ਕੀਤਾ ਗਿਆ।ਪ੍ਰੋਗਰਾਮ ਦੇ ਆਰੰਭ ਵਿੱਚ ਡਾ. ਸੁਨੀਤਾ ਕੌਸ਼ਲ, ਮੁਖੀ ਸਮਾਜ ਸ਼ਾਸਤਰ ਵਿਭਾਗ ਨੇ ਨਵੀਆਂ ਵਿਦਿਆਰਥਣਾਂ ਦਾ ਨਿੱਘਾ ਸਵਾਗਤ ਕਰਦਿਆਂ ਪ੍ਰੋਗਰਾਮ ਦੀ ਰੂਪ-ਰੇਖਾ ਬਾਰੇ ਜਾਣਕਾਰੀ ਦਿੱਤੀ। ਉਹਨਾਂ ਕਿਹਾ ਕਿ ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥਣਾਂ ਨੂੰ ਕਾਲਜ ਦੇ ਅਕਾਦਮਿਕ ਮਾਹੌਲ, ਵੱਖ-ਵੱਖ ਸਹੂਲਤਾਂ, ਅਨੁਸ਼ਾਸਨ, ਅਕਾਦਮਿਕ ਪ੍ਰਾਪਤੀਆਂ ਅਤੇ ਭਵਿੱਖ ਦੀਆਂ ਯੋਜਨਾਵਾਂ ਤੋਂ ਜਾਣੂ ਕਰਵਾਉਣਾ ਹੈ।ਇਸ ਉਪਰੰਤ ਕਾਲਜ ਦੇ ਵੱਖ-ਵੱਖ ਵਿਭਾਗਾਂ ਦੇ ਮੁਖੀਆਂ ਨੇ ਆਪਣੇ-ਆਪਣੇ ਵਿਭਾਗਾਂ ਦੀ ਕਾਰਗੁਜ਼ਾਰੀ, ਸਿਲੇਬਸ ਦੀ ਰੂਪ-ਰੇਖਾ, ਅਕਾਦਮਿਕ ਪ੍ਰਾਪਤੀਆਂ, ਵੱਖ-ਵੱਖ ਸਕਾਲਰਸ਼ਿਪ ਅਤੇ ਵਜ਼ੀਫਾ ਯੋਜਨਾਵਾਂ, ਕਾਲਜ ਵਿੱਚ ਉਪਲਬਧ ਸਹੂਲਤਾਂ, ਸੱਭਿਆਚਾਰਕ, ਧਾਰਮਿਕ ਅਤੇ ਖੇਡ ਗਤੀਵਿਧੀਆਂ, ਪਲੇਸਮੈਂਟ ਸੈੱਲ, ਯੂ.ਪੀ.ਐੱਸ.ਸੀ ਅਤੇ ਐਨ.ਡੀ.ਏ ਲਈ ਮੁਫ਼ਤ ਕੋਚਿੰਗ, ਐਨ.ਐੱਸ.ਐੱਸ, ਰੈਡ ਕਰਾਸ, ਰੈੱਡ ਰਿਬਨ ਕਲੱਬ, ਈਕੋ ਕਲੱਬ, ਵਿਭਾਗੀ ਸੁਸਾਇਟੀਆਂ, ਅਨੁਸ਼ਾਸਨ ਅਤੇ ਕਾਲਜ ਦੇ ਨਿਯਮਾਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਇਸ ਮੌਕੇ ਕਾਲਜ ਪ੍ਰਿੰਸੀਪਲ ਨੇ ਕਿਹਾ ਕਿ ਨਵੀਆਂ ਵਿਦਿਆਰਥਣਾਂ ਲਈ ਓਰੀਐਂਟੇਸ਼ਨ ਪ੍ਰੋਗਰਾਮ ਬਹੁਤ ਹੀ ਲਾਹੇਵੰਦ ਸਾਬਿਤ ਹੁੰਦਾ ਹੈ।ਇਸ ਪ੍ਰੋਗਰਾਮ ਰਾਹੀਂ ਵਿਦਿਆਰਥੀ ਸੰਸਥਾ ਦੇ ਨਿਯਮਾਂ, ਅਕਾਦਮਿਕ ਪ੍ਰਣਾਲੀ , ਅਨੁਸ਼ਾਸਨ ਅਤੇ ਕਾਲਜ ਦੀ ਕਾਰਜ-ਸੰਸਕ੍ਰਿਤੀ ਨੂੰ ਚੰਗੀ ਤਰ੍ਹਾਂ ਸਮਝਣ ਦੇ ਸਮਰੱਥ ਬਣਦੇ ਹਨ, ਜਿਸ ਨਾਲ ਉਹਨਾਂ ਦੇ ਸਰਵਪੱਖੀ ਵਿਕਾਸ ਨੂੰ ਬਲ ਮਿਲਦਾ ਹੈ।



ਪ੍ਰੋਗਰਾਮ ਦੌਰਾਨ ਨਵੀਆਂ ਵਿਦਿਆਰਥਣਾਂ ਵੱਲੋਂ ਆਪਣੀ ਲੁਕੀ ਹੋਈ ਪ੍ਰਤਿਭਾ ਦਾ ਵੀ ਸ਼ਾਨਦਾਰ ਪ੍ਰਦਰਸ਼ਨ ਕੀਤਾ ਗਿਆ।ਐਮ.ਏ.ਪੰਜਾਬੀ ਪਹਿਲਾ ਦੀ ਵਿਦਿਆਰਥਣ ਹਰਮਨਜੋਤ ਕੌਰ ਨੇ ਆਪਣੀ ਸੁਰੀਲੀ ਆਵਾਜ਼ ਵਿੱਚ ਦਿਲ-ਟੁੰਬਵਾਂ ਗੀਤ ਪੇਸ਼ ਕਰਕੇ ਸਭ ਦਾ ਮਨ ਮੋਹ ਲਿਆ।ਇਸ ਮੌਕੇ ਡਾ.ਰਣਜੀਤ ਕੌਰ(ਮੁਖੀ ਹੋਮ ਸਾਇੰਸ ਵਿਭਾਗ), ਡਾ.ਮਹੀਪਿੰਦਰ ਕੌਰ(ਮੁਖੀ ਪੰਜਾਬੀ ਵਿਭਾਗ), ਡਾ.ਅਮਨਦੀਪ ਕੌਰ ਇੰਚਾਰਜ(ਆਈ.ਕਿਊ.ਏ.ਸੀ), ਪ੍ਰੋ.ਜਸਵੀਰ ਕੌਰ(ਕੰਟਰੋਲਰ ਪ੍ਰੀਖਿਆ), ਪ੍ਰੋ.ਹਰਪ੍ਰੀਤ ਕੌਰ(ਮੁਖੀ ਬੀ.ਐਸ.ਸੀ.ਐਫ.ਡੀ), ਮਨਦੀਪ ਕੌਰ(ਮੁਖੀ ਕਾਮਰਸ ਵਿਭਾਗ), ਮਿਸ ਨਵਨੀਤ ਕੌਰ(ਮੁਖੀ ਕੰਪਿਊਟਰ ਸਾਇੰਸ ਵਿਭਾਗ) ਅਤੇ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।

## ਇੱਕ ਨਜ਼ਰ ...



## ਪ੍ਰਿਤਪਾਲ ਬਡਲਾ ਦੇ ਘਰ ਬਘੇਲ ਅਤੇ ਵੜਿੰਗ ਦੀ ਫੇਰੀ ਨੇ ਵਧਾਇਆ ਸਿਆਸੀ ਪਾਰਾ

ਚੰਡੀਗੜ੍ਹ, 1 ਅਗਸਤ (ਆਵਾਜ਼ਿ ਕੌਮ ਬਿਊਰੋ)-ਪੰਜਾਬ ਕਾਂਗਰਸ ਇੰਚਾਰਜ ਭੁਪੇਸ਼ ਬਘੇਲ ( ਸਾਬਕਾ ਮੁੱਖ ਮੰਤਰੀ ਛੱਤੀਸਗੜ੍ਹ) ਅਤੇ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਪ੍ਰਿਤਪਾਲ ਕੌਰ ਬਡਲਾ ਡੈਲੀਗੇਟ ਪੀਪੀਸੀਸੀ ਦੇ ਘਰ ਪਹੁੰਚ ਕੇ ਆਸ਼ੀਰਵਾਦ ਦਿੱਤਾ । ਬਡਲਾ ਨੂੰ ਥਾਪੜਾ ਦਿੰਦਿਆਂ ਬਘੇਲ ਅਤੇ ਵੜਿੰਗ ਨੇ ਕਿਹਾ ਕਿ ਮਿਹਨਤੀ ਵਰਕਰ ਕਾਂਗਰਸ ਪਾਰਟੀ ਦੀ ਰੀੜ੍ਹ ਦੀ ਹੱਡੀ ਹਨ । ਬਡਲਾ ਪਰਿਵਾਰ ਨੇ ਹਮੇਸ਼ਾ ਪਾਰਟੀ ਦੀ ਚੜਦੀ ਕਲਾ ਲਈ ਕੰਮ ਕੀਤਾ ਹੈ ਅਤੇ ਪਾਰਟੀ ਨੇ ਜਿੱਥੇ ਵੀ ਡਿਊਟੀ ਲਗਾਈ ਹੈ ਬਡਲਾ ਨੇ ਮਿਹਨਤ ਅਤੇ ਲਗਨ ਨਾਲ ਹਰ ਡਿਊਟੀ ਨੂੰ ਬਾਖੂਬੀ ਨਿਭਾਇਆ ਹੈ । ਬਘੇਲ ਨੇ ਬਡਲਾ ਨੂੰ ਥਾਪੜਾ ਦਿੰਦਿਆਂ ਕਿਹਾ ਕਿ ਹੁਣੇ ਤੋਂ ਮੈਦਾਨ ਵਿੱਚ ਡੱਟ ਜਾਉ ਅਤੇ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣ ਲਈ ਕਮਰਕੱਸੇ ਕਰ ਲਉ। ਵੜਿੰਗ ਨੇ ਕਿਹਾ ਕਿ ਮੇਰੀ ਟੀਮ ਵਿੱਚ ਪ੍ਰਿਤਪਾਲ ਬਡਲਾ ਨੇ ਪੂਰੀ ਮਿਹਨਤ ਨਾਲ ਹਰ ਕੰਮ ਪੂਰਾ ਕੀਤਾ ਹੈ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਪਾਰਟੀ ਨਵੇਂ ਚਿਹਰਿਆਂ ਨੂੰ ਅੱਗੇ ਲਿਆਏਗੀ। ਬਡਲਾ ਦੇ ਘਰ ਪਾਈ ਲੀਡਰਸ਼ਿਪ ਦੀ ਫੇਰੀ ਨੇ ਜਿੱਥੇ ਪ੍ਰਿਤਪਾਲ ਬਡਲਾ ਦਾ ਸਿਆਸੀ ਕੱਦ ਉੱਚਾ ਕੀਤਾ ਉੱਥੇ ਹੀ ਬਡਲਾ ਦੇ ਸਿਆਸੀ ਵਿਰੋਧੀਆਂ ਨੂੰ ਤਰੇਲੀਆਂ ਲਿਆ ਦਿੱਤੀਆਂ ।ਇਸ ਮੌਕੇ ਵਰਕਿੰਗ ਪ੍ਰਧਾਨ ਰਾਜਕੁਮਾਰ ਵੇਰਕਾ, ਸਾਬਕਾ ਵਿਧਾਇਕ ਕੁਲਵੀਰ ਜ਼ੀਰਾ , ਹੀਨਾ ਕਾਵਰੇ (ਸਹਿ ਇੰਚਾਰਜ ), ਸੁਭਮ ਸ਼ਰਮਾ ਪ੍ਰਧਾਨ ਯੂਥ ਕਾਂਗਰਸ ਪੰਜਾਬ ਅਤੇ ਵਰਕਰ ਹਾਜ਼ਰ ਸਨ ।

## ਆਦਰਸ਼ ਸੋਸ਼ਲ ਵੈਲਫੇਅਰ ਸੁਸਾਇਟੀ ਗੁਰਦਾਸਪੁਰ ਵੱਲੋਂ ਸਿਲਾਈ ਸੈਂਟਰ ਵਿੱਚ ਤੀਆਂ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ



ਪਠਾਨਕੋਟ, 31 ਜੁਲਾਈ (ਆਵਾਜ਼ਿ ਕੌਮ ਬਿਊਰੋ)- ਆਦਰਸ਼ ਸੋਸ਼ਲ ਵੈਲਫੇਅਰ ਸੁਸਾਇਟੀ ਗੁਰਦਾਸਪੁਰ ਵੱਲੋਂ ਪਿੰਡ ਕੋਠੇ ਉਧੀਪੁਰ, ਦੀਨਾਨਗਰ ਵਿਖੇ ਚਲਾਏ ਜਾ ਰਹੇ ਸਿਲਾਈ ਸੈਂਟਰ ਵਿੱਚ ਤੀਆਂ ਦਾ ਤਿਉਹਾਰ ਬੜੇ ਹੀ ਉਤਸ਼ਾਹ ਅਤੇ ਰਵਾਇਤੀ ਢੰਗ ਨਾਲ ਮਨਾਇਆ ਗਿਆ। ਇਸ ਮੌਕੇ ਸੁਸਾਇਟੀ ਦੀ ਚੈਅਰਪਰਸਨ ਮੈਡਮ ਰੀਨਾ ਸਰਮਾਲ ਨੇ ਤੀਆਂ ਦੇ ਤਿਉਹਾਰ ਦੀ ਸੱਭਿਆਚਾਰਕ ਅਤੇ ਸਮਾਜਿਕ ਮਹੱਤਤਾ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਅਜਿਹੇ ਤਿਉਹਾਰ ਸਾਡੀ ਵਿਰਾਸਤ ਅਤੇ ਸੱਭਿਆਚਾਰ ਨੂੰ ਸੰਭਾਲਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਨੇ ਸਾਰਿਆਂ ਨੂੰ ਆਪਣੀਆਂ ਰਵਾਇਤਾਂ ਨਾਲ ਜੁੜੇ ਰਹਿਣ ਦਾ ਸੰਦੇਸ਼ ਦਿੱਤਾ। ਇਸ ਸਮਾਗਮ ਵਿੱਚ ਸੁਸਾਇਟੀ ਪ੍ਰਧਾਨ ਸਤਨਾਮ ਸਿੰਘ,, ਸੁਸਾਇਟੀ ਕੋਆਰਡੀਨੇਟਰ ਇੰਦਰਜੀਤ ਕੌਰ ਸਿਲਾਈ ਅਧਿਆਪਕਾ ਦਿਕਸ਼ਾ ਭਾਰਤੀ ਅਤੇ ਪਿੰਡ ਦੇ ਮੌਜੂਦਾ ਸਰਪੰਚ ਮਨਜੀਤ ਕੌਰ ਸਮੇਤ ਹੋਰ ਪਤਵੰਤੇ ਵੀ ਹਾਜ਼ਰ ਸਨ। ਸਮਾਗਮ ਦੌਰਾਨ ਸਿਖਿਆਰਥਣਾਂ ਨੇ ਤੀਆਂ ਨਾਲ ਸੰਬੰਧਿਤ ਗੀਤ ਗਾਏ ਅਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ।

## ਸਰਕਾਰੀ ਖਜ਼ਾਨੇ ਦੀ ਲੁੱਟ ਬੰਦ ਕਰਕੇ ਸਕੂਲਾਂ 'ਚ ਅਧਿਆਪਕਾਂ ਦੀਆਂ ਖਾਲੀ ਪਈਆਂ ਅਸਾਮੀਆਂ ਤੁਰੰਤ ਭਰੇ ਸਰਕਾਰ

ਹੁਸ਼ਿਆਰਪੁਰ, 2 ਅਗਸਤ (ਆਵਾਜ਼ਿ ਕੌਮ ਬਿਊਰੋ)- ਪੰਜਾਬ ਦੇ ਸਰਕਾਰੀ ਸਕੂਲਾਂ ਅੰਦਰ ਵਿਦਿਆਰਥੀਆਂ ਨੂੰ ਵੰਡੇ ਜਾ ਰਹੇ ਸਕੂਲੀ ਬੈਗਾਂ ਉੱਪਰ ਮੁੱਖ ਮੰਤਰੀ ਭਗਵੰਤ ਮਾਨ ਦੀ ਤਸਵੀਰ ਛਾਪਣ ਦੇ ਮਾਮਲੇ ਨੇ ਹੁਣ ਰਾਜਸੀ ਅਤੇ ਸਮਾਜਿਕ ਗਲਿਆਰਿਆਂ ਵਿੱਚ ਵੱਡਾ ਤੂਫਾਨ ਖੜ੍ਹਾ ਕਰ ਦਿੱਤਾ ਹੈ। ਇਸ ਮੁੱਦੇ 'ਤੇ ਬੇਗਮਪੁਰਾ ਟਾਈਗਰ ਫੋਰਸ ਦੇ ਕੌਮੀ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬੇਗਮਪੁਰਾ ਟਾਈਗਰ ਫੋਰਸ ਦੇ ਪੰਜਾਬ ਪ੍ਰਧਾਨ ਬੀਰਪਾਲ ਠਰੋਲੀ, ਜਿਲ੍ਹਾ ਪ੍ਰਧਾਨ ਹੈਪੀ ਫ਼ਤਹਿਗੜ੍ਹ, ਜਿਲ੍ਹਾ ਇੰਚਾਰਜ ਜੱਸਾ ਸਿੰਘ ਨੰਦਨ, ਤੇ ਜਿਲ੍ਹਾ ਸੀਨੀਅਰ ਮੀਤ ਪ੍ਰਧਾਨ ਸਤੀਸ਼ ਸ਼ੇਰਗੜ੍ਹ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਵਿਰੁੱਧ ਮੋਰਚਾ ਖੋਲ੍ਹਦਿਆਂ ਸੂਬੇ ਵਿੱਚ ਚੱਲ ਰਹੀ ਕਥਿਤ 'ਸਿੱਖਿਆ ਕ੍ਰਾਂਤੀ' ਦੇ ਫੋਕੇ ਦਾਅਵਿਆਂ ਦੀਆਂ ਫੂਕ ਕੱਢਣ ਦਾ ਕੰਮ ਕੀਤਾ ਹੈ । ਬੇਗਮਪੁਰਾ ਟਾਈਗਰ ਫੋਰਸ ਦੇ ਆਗੂਆਂ ਨੇ ਸਰਕਾਰ ਦੀਆਂ ਨੀਤੀਆਂ 'ਤੇ ਗੰਭੀਰ ਸਵਾਲੀਆ ਚਿੰਨ ਲਗਾਉਂਦਿਆਂ ਆਖਿਆ ਕਿ ਲੋਕਾਂ ਦੇ ਟੈਕਸਾਂ ਦੇ ਅਰਬਾਂ ਰੁਪਏ ਨਾਲ ਤਿਆਰ ਕੀਤੇ ਗਏ ਸਰਕਾਰੀ ਸਾਮਾਨ 'ਤੇ ਮੁੱਖ ਮੰਤਰੀ ਦੀਆਂ ਫੋਟੋਆਂ ਲਗਾ ਕੇ ਸਕੂਲਾਂ ਵਰਗੇ ਪਵਿੱਤਰ ਮੰਦਰਾਂ ਨੂੰ ਸਿਆਸੀ ਪ੍ਰਚਾਰ ਦਾ ਕੇਂਦਰ ਬਣਾਉਣਾ ਬੇਹੱਦ ਸ਼ਰਮਨਾਕ ਅਤੇ ਮੰਦਭਾਗਾ ਹੈ। ਆਗੂਆਂ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਸਕੂਲੀ ਬੈਗਾਂ 'ਤੇ ਨੇਤਾਵਾਂ ਦੀਆਂ ਤਸਵੀਰਾਂ ਛਾਪਣ ਨਾਲ ਨਾ ਤਾਂ ਵਿਦਿਆਰਥੀਆਂ ਦਾ ਬੌਧਿਕ ਵਿਕਾਸ ਹੁੰਦਾ ਹੈ ਅਤੇ ਨਾ ਹੀ ਇਸ ਨਾਲ ਸਿੱਖਿਆ ਦੇ ਡਿੱਗ ਰਹੇ ਮਿਆਰ ਨੂੰ ਉੱਚਾ ਚੁੱਕਿਆ ਜਾ ਸਕਦਾ ਹੈ। ਇਹ ਸਿਰਫ਼ ਤੇ ਸਿਰਫ਼ ਸਰਕਾਰੀ ਖਜ਼ਾਨੇ ਦੀ ਬੇਰਹਿਮੀ ਨਾਲ ਲੁੱਟ ਕਰਕੇ ਅਪਣੀ ਸਿਆਸੀ ਚਮਕ-ਧਮਕ ਵਧਾਉਣ ਦਾ ਇੱਕ ਘਿਨੌਣਾ ਜਰੀਆ ਹੈ। ਉਨ੍ਹਾਂ ਪੰਜਾਬ ਦੇ ਸਕੂਲਾਂ ਦੀ ਅਸਲ ਸਥਿਤੀ ਦਾ ਪਰਦਾਫਾਸ਼ ਕਰਦਿਆਂ ਦੱਸਿਆ ਕਿ ਅੱਜ ਸੂਬੇ ਦੇ ਬਹੁਤ ਸਾਰੇ ਸਰਕਾਰੀ ਸਕੂਲ ਅਧਿਆਪਕਾਂ ਦੀ ਭਾਰੀ ਘਾਟ ਨਾਲ ਜੂਝ ਰਹੇ ਹਨ।

ਕਈ ਸਕੂਲਾਂ ਵਿੱਚ ਤਾਂ ਮਹੱਤਵਪੂਰਨ ਵਿਸ਼ਿਆਂ ਜਿਵੇਂ ਸਾਇੰਸ, ਗਣਿਤ ਅਤੇ ਅੰਗਰੇਜ਼ੀ ਦੇ ਅਧਿਆਪਕ ਹੀ ਮੌਜੂਦ ਨਹੀਂ ਹਨ, ਜਿਸ ਕਾਰਨ ਗਰੀਬ ਅਤੇ ਮਜ਼ਦੂਰ ਵਰਗ ਦੇ ਬੱਚਿਆਂ ਦੀ ਪੜ੍ਹਾਈ ਦਾ ਬੁਰਾ ਹਾਲ ਹੋ ਰਿਹਾ ਹੈ। ਇੰਨਾ ਹੀ ਨਹੀਂ, ਜੋ ਅਧਿਆਪਕ ਸਕੂਲਾਂ ਵਿੱਚ ਤੈਨਾਤ ਵੀ ਹਨ, ਉਨ੍ਹਾਂ ਤੋਂ ਪੜ੍ਹਾਈ ਕਰਵਾਉਣ ਦੀ ਬਜਾਏ ਗੈਰ-ਵਿਦਿਅਕ ਕੰਮ, ਸਰਕਾਰੀ ਸਰਵੇਖਣ ਅਤੇ ਹੋਰ ਪ੍ਰਸ਼ਾਸਨਿਕ ਡਿਊਟੀਆਂ ਲਈਆਂ ਜਾ ਰਹੀਆਂ ਹਨ। ਅਜਿਹੇ ਨਾਜ਼ੁਕ ਅਤੇ ਚਿੰਤਾਜਨਕ ਹਾਲਾਤਾਂ ਵਿੱਚ ਸਰਕਾਰ ਵੱਲੋਂ ਸਿੱਖਿਆ ਸੁਧਾਰਾਂ ਦੇ ਵੱਡੇ-ਵੱਡੇ ਦਾਅਵੇ ਕਰਨਾ ਪੰਜਾਬ ਦੇ ਲੋਕਾਂ ਅੱਖਾਂ ਵਿੱਚ ਘੱਟਾ ਪਾਉਣ ਤੋਂ ਵੱਧ ਕੁੱਝ ਨਹੀਂ ਹੈ। ਆਗੂਆਂ ਨੇ ਆਮ ਆਦਮੀ ਪਾਰਟੀ ਦੀ ਨੀਤੀ 'ਤੇ ਅੱਗੇ ਬੋਲਦਿਆਂ ਕਿਹਾ ਕਿ ਸਕੂਲੀ ਇਮਾਰਤਾਂ ਦੀਆਂ ਦੀਵਾਰਾਂ ਨੂੰ ਨਵੇਂ ਰੰਗ-ਰੋਗਨ ਕਰਨ, ਸਕੂਲਾਂ ਦੇ ਨਾਂ ਬਦਲਣ ਜਾਂ ਅਖਬਾਰਾਂ ਤੇ ਟੀਵੀ 'ਤੇ ਕਰੋੜਾਂ ਰੁਪਏ ਦੇ ਇਸ਼ਿਤਹਾਰ ਵਹਾਉਣ ਨਾਲ ਅਸਲ ਕ੍ਰਾਂਤੀ ਨਹੀਂ ਆਉਂਦੀ। ਸੱਚੀ ਅਤੇ ਅਸਲ ਸਿੱਖਿਆ ਕ੍ਰਾਂਤੀ ਉਦੋਂ ਸੰਭਵ ਹੋ ਸਕਦੀ ਹੈ ਜਦੋਂ ਹਰੇਕ ਪਿੰਡ ਅਤੇ ਸ਼ਹਿਰ ਦੇ ਸਕੂਲ-ਕਾਲਜ ਵਿੱਚ ਲੋੜ ਅਨੁਸਾਰ ਪੂਰੀ ਫੈਕਲਟੀ ਹੋਵੇ, ਬੱਚਿਆਂ ਲਈ ਆਧੁਨਿਕ ਲੈਬਾਂ, ਕਿਤਾਬਾਂ, ਪੀਣ ਵਾਲੇ ਸਾਫ਼ ਪਾਣੀ ਅਤੇ ਸਮੇਂ ਦੀ ਮੰਗ ਮੁਤਾਬਕ ਨਵੇਂ ਤਕਨੀਕੀ ਕੋਰਸਾਂ ਦਾ ਪ੍ਰਬੰਧ ਹੋਵੇ। ਅੱਜ ਰਾਜ ਦੇ ਉੱਚ ਸਿੱਖਿਆ ਅਦਾਰੇ ਅਤੇ ਸਰਕਾਰੀ ਕਾਲਜ ਵੀ ਪ੍ਰੋਫੈਸਰਾਂ ਦੀ ਕਮੀ ਨਾਲ ਪ੍ਰਭਾਵਿਤ ਹਨ, ਜਿਸ ਕਾਰਨ ਸਾਡੇ ਨੌਜਵਾਨਾਂ ਦਾ ਭਵਿੱਖ ਘੋਰ ਅੰਧਕਾਰ ਵਿੱਚ ਧੱਕਿਆ ਜਾ ਰਿਹਾ ਹੈ।